SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 60 | Monday, March 27, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਸਰਕਾਰ ਨਾਲ ਕੀਤੇ ਗਏ 'ਕੌਨਫੀਡੈਂਸ ਐਂਡ ਸਪਲਾਈ' ਸਮਝੌਤੇ ਤੋਂ ਸੰਤੁਸ਼ਟ ਨਹੀਂ ਹਨ ਜਗਮੀਤ ਸਿੰਘ



ਓਟਵਾ, 26 ਮਾਰਚ (ਪੋਸਟ ਬਿਊਰੋ) : ਐਨਡੀਪੀ ਆਗੂ ਜਗਮੀਤ ਸਿੰਘ ਦਾ ਕਹਿਣਾ ਹੈ ਕਿ ਉਹ ਲਿਬਰਲਾਂ ਨਾਲ ਹੋਏ ਪਾਰਟੀ ਦੇ ਕੌਨਫੀਡੈਂਸ ਐਂਡ ਸਪਲਾਈ ਅਗਰੀਮੈਂਟ ਤੋਂ ਸੰਤੁਸ਼ਟ ਨਹੀਂ ਹਨ। ਇਹ ਸਮਝੌਤਾ ਇੱਕ ਸਾਲ ਪਹਿਲਾਂ ਇਸ ਹਫਤੇ ਦੌਰਾਨ ਹੀ ਸਿਰੇ ਚਾੜ੍ਹਿਆ ਗਿਆ ਸੀ। ਉਨ੍ਹਾਂ ਆਖਿਆ ਕਿ ਮੌਜੂਦਾ ਸਰਕਾਰ ਨਾਲੋਂ ਦੇਸ਼ ਨੂੰ ਉਹ ਕਿਤੇ ਬਿਹਤਰ ਢੰਗ ਨਾਲ ਚਲਾ ਸਕਦੇ ਹਨ।

ਉਨ੍ਹਾਂ ਆਖਿਆ ਕਿ ਇਸ ਸਮਝੌਤੇ ਕਾਰਨ ਜਿਸ ਸਥਿਤੀ ਵਿੱਚ ਉਹ ਹਨ ਉਨ੍ਹਾਂ ਨੂੰ ਉਸ ਨਾਲ ਕੋਈ ਤਸੱਲੀ ਨਹੀਂ ਮਿਲ ਰਹੀ। ਉਨ੍ਹਾਂ ਆਖਿਆ ਕਿ ਉਹ ਪ੍ਰਧਾਨ ਮੰਤਰੀ ਬਣਨਾ ਚਾਹੁੰਦੇ ਹਨ ਤੇ ਜੋ ਕੰਮ ਉਨ੍ਹਾਂ ਨੇ ਤੇ ਉਨ੍ਹਾਂ ਦੀ ਪਾਰਟੀ ਨੇ ਕੀਤੇ ਹਨ ਉਸ ਉੱਤੇ ਉਨ੍ਹਾਂ ਨੂੰ ਮਾਣ ਹੈ। ਇਸ ਡੀਲ ਤਹਿਤ ਐਨਡੀਪੀ ਵੱਲੋਂ 2025 ਤੱਕ ਲਿਬਰਲਾਂ ਨੂੰ ਸੱਤਾ ਉੱਤੇ ਕਾਬਜ ਰਹਿਣ ਲਈ ਮਦਦ ਕਰਨ ਦਾ ਵਾਅਦਾ ਕੀਤਾ ਗਿਆ ਹੈ ਤੇ ਬਦਲੇ ਵਿੱਚ ਉਨ੍ਹਾਂ ਨੂੰ ਪਾਰਟੀ ਦੀਆਂ ਕੁੱਝ ਤਰਜੀਹੀ ਨੀਤੀਆਂ ਨੂੰ ਅੱਗੇ ਲਿਜਾਣ ਦਾ ਲਿਬਰਲਾਂ ਵੱਲੋਂ ਅਹਿਦ ਲਿਆ ਗਿਆ ਹੈ।

ਇੱਕ ਇੰਟਰਵਿਊ ਵਿੱਚ ਜਗਮੀਤ ਸਿੰਘ ਨੇ ਆਖਿਆ ਕਿ ਲਿਬਰਲਾਂ ਨਾਲ ਕੀਤੇ ਸਮਝੌਤੇ ਰਾਹੀਂ ਉਹ ਕੁੱਝ ਵਚਨਬੱਧਤਾਵਾਂ ਨੂੰ ਪੂਰਾ ਕਰ ਸਕੇ ਇਸ ਉੱਤੇ ਉਨ੍ਹਾਂ ਨੂੰ ਖੁਸ਼ੀ ਹੈ। ਇਸ ਸਿਲਸਿਲੇ ਵਿੱਚ ਉਨ੍ਹਾਂ ਨੈਸ਼ਨਲ ਡੈਂਟਲ ਕੇਅਰ ਪ੍ਰੋਗਰਾਮ ਦੇ ਪਹਿਲੇ ਪੜਾਅ ਨੂੰ ਕਾਮਯਾਬ ਉਪਰਾਲਾ ਦੱਸਿਆ। ਉਨ੍ਹਾਂ ਆਖਿਆ ਕਿ ਇਸ ਤਰ੍ਹਾਂ ਭਾਵੇਂ ਉਨ੍ਹਾਂ ਦੀਆਂ ਨੀਤੀਆਂ ਨੂੰ ਅਮਲੀ ਰੂਪ ਦਿੱਤਾ ਜਾ ਰਿਹਾ ਹੈ ਪਰ ਉਹ ਇਸ ਤੋਂ ਸੰਤੁਸ਼ਟ ਨਹੀਂ ਹਨ। ...ਬਾਕੀ ਪੰਨਾ 2 'ਤੇ

## ਟੋਰਾਂਟੋ ਸਬਵੇਅ ਸਟੇਸ਼ਨ ਉੱਤੇ ਛੁਰੇਬਾਜ਼ੀ ਕਾਰਨ ਟੀਨੇਜਰ ਦੀ ਹੋਈ ਮੌਤ, ਇੱਕ ਕਾਬੂ



ਟੋਰਾਂਟੋ, 26 ਮਾਰਚ (ਪੋਸਟ ਬਿਊਰੋ) : ਸ਼ਨਿੱਚਰਵਾਰ ਰਾਤ ਨੂੰ ਟੋਰਾਂਟੋ ਦੇ ਸਬਵੇਅ ਸਟੇਸ਼ਨ ਉੱਤੇ ਚਾਕੂ ਨਾਲ ਕੀਤੇ ਗਏ ਵਾਰ ਕਾਰਨ ਇੱਕ ਟੀਨੇਜਰ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਪੁਲਿਸ ਵੱਲੋਂ ਕਰ ਲਈ ਗਈ ਹੈ ਤੇ ਇਸ ਸਬੰਧ ਵਿੱਚ ਇੱਕ ਮਸ਼ਕੂਕ ਨੂੰ ਵੀ ਕਤਲ ਦੇ ਦੋਸ਼ ਵਿੱਚ ਚਾਰਜ ਕੀਤਾ ਗਿਆ ਹੈ।

ਛੁਰੇਬਾਜ਼ੀ ਦੀ ਖਬਰ ਦੇ ਕੇ ਰਾਤੀਂ 9:00 ਵਜੇ ਪੁਲਿਸ ਨੂੰ ਕੀਲ ਟੀਟੀਸੀ ਸਟੇਸ਼ਨ ਦੇ ਪੱਛਮੀ ਹਿੱਸੇ ਵਿੱਚ ਸੱਦਿਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ 16 ਸਾਲਾ ਲੜਕਾ ਸਟੇਸ਼ਨ ਦੇ ਹੇਠਲੇ ਲੈਵਲ ਉੱਤੇ ਇੱਕ ਬੈਂਚ ਉੱਤੇ ਬੈਠਾ ਸੀ ਜਦੋਂ ਇੱਕ ਮਸ਼ਕੂਕ ਉਸ ਕੋਲ ਆਇਆ ਤੇ ਉਸ ਨੇ ਬਿਨਾਂ ਕਿਸੇ ਲੜਾਈ ਝਗੜੇ ਦੇ ਉਸ ਟੀਨੇਜਰ ਨੂੰ ਚਾਕੂ ਮਾਰ ਦਿੱਤਾ। ਪੁਲਿਸ ਅਨੁਸਾਰ ਲੜਕਾ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਬਾਅਦ ਵਿੱਚ ਉਸ ਦੀ ਮੌਤ ਹੋ ਗਈ।

ਮ੍ਰਿਤਕ ਦੀ ਪਛਾਣ ਟੋਰਾਂਟੋ ਦੇ ਗੈਬਰੀਅਲ ਮਾਗਲਹੇਸ ਵਜੋਂ ਹੋਈ ਹੈ। ਪੁਲਿਸ ਨੇ ਦੱਸਿਆ ਕਿ 22 ਸਾਲਾਂ ਦੇ ਜੌਰਡਨ ਓਬ੍ਰਾਇਨ ਟੌਲਬਿਨ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਉਸ ਨੂੰ ਫਰਸਟ ਡਿਗਰੀ ਮਰਡਰ ਦੇ ਦੋਸ਼ ਵਿੱਚ ਚਾਰਜ ਕੀਤਾ ਗਿਆ ਹੈ। ਇੱਕ ਬਿਆਨ ਜਾਰੀ ਕਰਕੇ ਟੋਰਾਂਟੋ ਦੀ ਡਿਪਟੀ ਮੇਅਰ ਜੈਨੀਫਰ ਮੈਕੈਲਵੀ ਨੇ ਟੀਨੇਜਰ ਦੇ ਕਤਲ ਨੂੰ ਵੱਡੀ ਤ੍ਰਾਸਦੀ ਦੱਸਿਆ ਤੇ ਮ੍ਰਿਤਕ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

## ਕੌਸਟ ਆਫ ਲਿਵਿੰਗ ਅਲਾਊਐਂਸ ਵਿੱਚ ਕਟੌਤੀ ਕਾਰਨ ਮਿਲਟਰੀ ਦੀ ਚੁਫੇਰਿਓਂ ਹੋ ਰਹੀ ਹੈ ਨੁਕਤਾਚੀਨੀ



ਓਟਵਾ, 26 ਮਾਰਚ (ਪੋਸਟ ਬਿਊਰੋ) : ਬਿਨਾਂ ਕਿਸੇ ਅਗਾਊਂ ਨੋਟਿਸ ਦੇ ਹਜ਼ਾਰਾਂ ਸੈਨਿਕਾਂ ਦੇ ਕੌਸਟ ਆਫ ਲਿਵਿੰਗ ਅਲਾਊਐਂਸ ਵਿੱਚ ਕਟੌਤੀ ਕਰਨ ਦੀ ਯੋਜਨਾ ਕਾਰਨ ਕੈਨੇਡੀਅਨ ਹਥਿਆਰਬੰਦ ਸੈਨਾਵਾਂ ਨੂੰ ਚੁਫੇਰਿਓਂ ਨੁਕਤਾਚੀਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਪਿਛਲੇ ਹਫਤੇ ਫੌਜ ਨੇ ਐਲਾਨ ਕੀਤਾ ਕਿ ਹਥਿਆਰਬੰਦ ਸੈਨਾਵਾਂ ਦੇ 7,700 ਮੈਂਬਰਾਂ ਨੂੰ ਜੁਲਾਈ ਵਿੱਚ ਕੌਸਟ ਆਫ ਲਿਵਿੰਗ ਅਲਾਊਐਂਸ ਹਾਸਲ ਨਹੀਂ ਹੋਵੇਗਾ। ਇਹ ਵੀ ਆਖਿਆ ਗਿਆ ਕਿ ਜਿਨ੍ਹਾਂ ਨੂੰ ਵਧੇਰੇ ਮਦਦ ਦੀ ਲੋੜ ਹੈ ਉਨ੍ਹਾਂ ਲਈ ਨਵਾਂ ਹਾਊਸਿੰਗ ਬੈਨੇਫਿਟ ਲਿਆਂਦਾ ਜਾ ਰਿਹਾ ਹੈ, ਜਿਹੜਾ ਵਧੇਰੇ ਫਾਇਦੇਮੰਦ ਹੋਵੇਗਾ। ਮਿਲਟਰੀ ਕਰਮਚਾਰੀਆਂ ਲਈ ਸਮਰਪਿਤ ਸੋਸ਼ਲ ਮੀਡੀਆ ਤੇ ਆਨਲਾਈਨ ਫੋਰਮਜ਼ ਵੱਲੋਂ ਇਸ ਪਲੈਨ ਉੱਤੇ ਅਸੰਤੁਸ਼ਟੀ ਪ੍ਰਗਟਾਈ ਗਈ ਹੈ। ਇਸ ਦੇ ਨਾਲ ਹੀ ਇਸ ਪਲੈਨ ਦੀ ਟਾਈਮਲਾਈਨ ਉੱਤੇ ਵੀ ਕੁੱਝ ਨੂੰ ਇਤਰਾਜ਼ ਹੈ। ਇਸ ਤੋਂ ਇਲਾਵਾ ਚਾਰ ਸਾਲਾਂ ਦੇ ਅਰਸੇ ਵਿੱਚ ਤਨਖਾਹ ਵਿੱਚ ਹੋਣ ਵਾਲੇ 10 ਫੀ ਸਦੀ ਵਾਧੇ ਤੋਂ ਵੀ ਕੁੱਝ ਖੁਸ਼ ਨਹੀਂ ਹਨ।

ਮਾਹਿਰਾਂ ਦਾ ਕਹਿਣਾ ਹੈ ਕਿ ਨੋਟਿਸ ਦੀ ਘਾਟ ਤੋਂ ਹੀ ਇਹ ਪਤਾ ਲੱਗ ਜਾਂਦਾ ਹੈ ਕਿ ਆਪਣੇ ਲੋਕਾਂ ਨਾਲ ਮਿਲਟਰੀ ਕਿਹੋ ਜਿਹਾ ਸਲੂਕ ਕਰਦੀ ਹੈ। ਡਿਫੈਂਸ ਸਟਾਫ ਦੇ ਵਾਈਸ ਚੀਫ ਰਹਿ ਚੁੱਕੇ ਤੇ ਹੁਣ ਰਿਟਾਇਰ ਹੋ ਚੁੱਕੇ ਲੈਫਟੀਨੈਂਟ ਜਨਰਲ ਗਾਇ ਥੀਬੌਲਟ ਨੇ ਆਖਿਆ ਕਿ ਅਸੀਂ ਲੋਕਾਂ ਨੂੰ ਗੁੱਸਾ ਦੁਆ ਰਹੇ ਹਾਂ। ਇਹ ਗੱਲ ਫੌਜ ਵੱਲੋਂ ਆਪਣੇ ਲੋਕਾਂ ਨੂੰ ਮੁਆਵਜ਼ਾ ਦੇਣ ਦੀ ਨਹੀਂ ਹੈ ਸਗੋਂ ਇਹ ਮਾਮਲਾ ਆਪਣੇ ਲੋਕਾਂ ਦੀ ਸਹੀ ਕੀਮਤ ਸਮਝਣ ਦਾ ਹੈ। ਇਸ ਤਰ੍ਹਾਂ ਦੇ ਫੈਸਲਿਆਂ ਨਾਲ ਫੌਜ ਦੇ ਮੈਂਬਰਾਂ ਨੂੰ ਨਹੀਂ ਲੱਗਦਾ ਕਿ ਉਨ੍ਹਾਂ ਦੇ ਕੰਮ ਦਾ ਸਹੀ ਮੁੱਲ ਪਾਇਆ ਜਾ ਰਿਹਾ ਹੈ।

ਮਿਲਟਰੀ ਦੇ ਮੌਜੂਦਾ ਕੌਸਟ ਆਫ ਲਿਵਿੰਗ ਅਲਾਊਐਂਸ ਨੂੰ ਨਵੇਂ ਹਾਊਸਿੰਗ ਬੈਨੇਫਿਟ ਨਾਲ ਬਦਲਣ ਦਾ ਇਹ ਫੈਸਲਾ 14 ਸਾਲ ਤੱਕ ਡਿਪਾਰਟਮੈਂਟ ਆਫ ਨੈਸ਼ਨਲ ਡਿਫੈਂਸ ਤੇ ਖਜ਼ਾਨਾ ਬੋਰਡ (ਅਜਿਹਾ ਸੈਂਟਰਲ ਡਿਪਾਰਟਮੈਂਟ ਹੈ ਜਿਹੜਾ ਫੈਡਰਲ ਖਰਚਿਆਂ ਨੂੰ ਨਿਯੰਤਰਿਤ ਕਰਦਾ ਹੈ) ਦਰਮਿਆਨ ਚੱਲੇ ਸੰਘਰਸ਼ ਦਾ ਨਤੀਜਾ ਹੈ। ਜ਼ਿਕਰਯੋਗ ਹੈ ਕਿ ਕੁੱਝ ਕਮਿਊਨਿਟੀਜ਼ ਵਿੱਚ ਰਹਿਣ ਤੇ ਕੰਮ ਕਰਨ ਲਈ ਮੈਂਬਰਾਂ ਨੂੰ ਮੁਆਵਜ਼ਾ ਦੇਣ ਵਾਸਤੇ ਇਸ ਦੀ ਸ਼ੁਰੂਆਤ ਸਾਲ 2000 ਵਿੱਚ ਕੀਤੀ ਗਈ ਸੀ। ਪਰ 2009 ਵਿੱਚ ਅਲਾਊਐਂਸ ਰੇਟ ਦੇ ਵਾਧੇ ਵਿੱਚ ਰੋਕ ਲਾ ਦਿੱਤੀ ਗਈ। ਫਿਰ ਡਿਫੈਂਸ ਤੇ ਟਰੇਜ਼ਰੀ ਅਧਿਕਾਰੀਆਂ ਦਰਮਿਆਨ ਪ੍ਰੋਗਰਾਮ ਦੀ ਲਾਗਤ ਤੇ ਮਾਪਦੰਡਾਂ ਦੇ ਸਬੰਧ ਵਿੱਚ ਲੜਾਈ ਸ਼ੁਰੂ ਹੋਈ। ਮਾਹਿਰਾਂ ਦਾ ਕਹਿਣਾ ਹੈ ਕਿ ਮੈਂਬਰਾਂ ਨੂੰ ਇਹ ਲੱਗ ਰਿਹਾ ਸੀ ਕਿ ਮਾਮਲਾ ਹੱਲ ਹੋ ਜਾਵੇਗਾ ਤੇ ਇਸ ਬਾਰੇ ਜਲਦ ਹੀ ਡੀਲ ਵੀ ਸਿਰੇ ਚੜ੍ਹ ਜਾਵੇਗੀ। ਮੈਂਬਰਾਂ ਨੂੰ ਇਹ ਵੀ ਆਸ ਸੀ ਕਿ ਇਸ ਨੂੰ ਹੋਰ ਬਿਹਤਰ ਬਣਾਇਆ ਜਾਵੇਗਾ। ਪਰ ਅਜਿਹਾ ਨਹੀਂ ਹੋਇਆ।

ਇਹ ਵੀ ਆਖਿਆ ਜਾ ਰਿਹਾ ਹੈ ਕਿ ਮੈਂਬਰਾਂ ਨੂੰ ਭਰੋਸੇ ਵਿੱਚ ਲਏ ਬਿਨਾਂ ਤੇ ਬਿਨਾਂ ਕਿਸੇ ਸਲਾਹ ਮਸ਼ਵਰੇ ਦੇ ਇਸ ਤਰ੍ਹਾਂ ਦੀ ਗਾਜ ਉਨ੍ਹਾਂ ਦੇ ਸਿਰ ਉੱਤੇ ਸੁੱਟ ਦਿੱਤੀ ਗਈ ਹੈ। ਇਸ ਦੇ ਨਾਲ ਹੀ ਹਾਊਸਿੰਗ ਬੈਨੇਫਿਟ ਦਾ ਮੁਲਾਂਕਣ ਵੀ ਕੀਤਾ ਜਾ ਰਿਹਾ ਹੈ। ਮੈਂਬਰਾਂ ਵੱਲੋਂ ਇਹ ਸ਼ਿਕਾਇਤ ਵੀ ਕੀਤੀ ਜਾ ਰਹੀ ਹੈ ਕਿ ਤਨਖਾਹ ਵਿੱਚ ਨਵੇਂ ਵਾਧੇ ਨਾਲ ਮਹਿੰਗਾਈ ਤੋਂ ਛੁਟਕਾਰਾ ਨਹੀਂ ਮਿਲ ਸਕਦਾ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416-556-6884

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty
Off: 905.230.3100

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
ਗਰਮੀਆਂ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
$10,000 per month Profit
Free Training, Equipement, Place and Utilities
1 ਮਈ ਤੋਂ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
Call Kumar: 437-925-4585
Email: startup2023abusiness@gmail.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME & APPLIANCES
Colour options available
$1699*
Upgrade to steam wash $299
Upgrade to $299
Upgrade to $399
$2999*
$4499*
Spring SALE with fresh deals
KitchenAid moffat MAYTAG LG SAMSUNG Electrolux JENNAIR BOSCH Whirlpool
5781 Highway 7 Unit 10 Vaughan, ON L4L 1T8 (416) 477-5556 | 44 Fasken Dr, #2-9 Etobicoke, ON M9W 5M8 (416) 792-0877 | Unit #1, 241 Clarence St Brampton, On L6W 3E7 (416) 551-3343 | Unit #4 -1540 Fanshawe Park Road West London, On N6H 5L8 (519) 641-1010 | Unit #6 – 410 Lewis Road Stoney Creek, On L8E 5Y7 (905) 643-0818 | 1050 Speers Road Oakville, On L6L 2X4 (416) 613-0555
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਸਟੇਡੀਅਮ ਵਿੱਚ ਹੋਏ ਹਮਲੇ ਦੇ ਸਬੰਧ ਵਿੱਚ ਇੱਕ ਗ੍ਰਿਫਤਾਰ, ਇੱਕ ਫਰਾਰ

ਟੋਰਾਂਟੋ, 26 ਮਾਰਚ (ਪੋਸਟ ਬਿਊਰੋ) : ਲੈਂਪੋਰਟ ਸਟੇਡੀਅਮ ਵਿਖੇ ਹੋਏ ਹਮਲੇ ਦੇ ਸਬੰਧ ਵਿੱਚ ਟੋਰਾਂਟੋ ਪੁਲਿਸ ਵੱਲੋਂ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਜਦਕਿ ਇੱਕ ਹੋਰ ਮਸ਼ਕੂਕ ਫਰਾਰ ਹੈ।




ਪੁਲਿਸ ਨੇ ਦੱਸਿਆ ਕਿ 19 ਮਾਰਚ ਨੂੰ ਤੜਕੇ 1:49 ਵਜੇ ਲੈਂਪੋਰਟ ਸਟੇਡੀਅਮ ਵਿੱਚ ਅਮੈਚਿਓਰ ਸੌਕਰ ਮੈਚ ਹੋਇਆ ਤੇ ਇਸ ਦੌਰਾਨ ਖਿਡਾਰੀਆਂ ਵਿੱਚ ਲੜਾਈ ਹੋ ਗਈ। ਇੱਕ ਵਿਅਕਤੀ ਉੱਤੇ ਕੀਤੇ ਗਏ ਹਮਲੇ ਕਾਰਨ ਉਸ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਹਮਲਾ ਕਰਨ ਤੇ ਸ਼ਰੀਰਕ ਨੁਕਸਾਨ ਪਹੁੰਚਾਉਣ ਦੇ ਮਾਮਲੇ ਵਿੱਚ ਟੋਰਾਂਟੋ ਦੇ 22 ਸਾਲਾ ਸਾਮੀ ਰੈਮਨ ਮੇਡੀਨਾ ਸਾਂਚੇਜ਼ ਨੂੰ ਗ੍ਰਿਫਤਾਰ ਤੇ ਚਾਰਜ ਕਰ ਲਿਆ ਗਿਆ।

ਇੱਕ ਹੋਰ ਹਮਲਾਵਰ ਦੀ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ ਤੇ ਉਸ ਸਬੰਧ ਵਿੱਚ ਜਾਰੀ ਕੀਤੇ ਗਏ ਵੇਰਵੇ ਅਨੁਸਾਰ ਉਹ 5 ਫੁੱਟ 7 ਇੰਚ ਜਾਂ 5 ਫੁੱਟ 10 ਇੰਚ ਦਾ ਵਿਅਕਤੀ ਹੋ ਸਕਦਾ ਹੈ ਜਿਸ ਦੀ ਉਮਰ 20 ਤੋਂ 25 ਸਾਲਾਂ ਦਰਮਿਆਨ ਹੈ, ਉਸ ਦੀ ਕੱਦ-ਕਾਠੀ ਦਰਮਿਆਨੀ ਹੈ, ਵਾਲ ਨਿੱਕੇ ਤੇ ਕਾਲੇ ਹਨ ਤੇ ਉਸ ਦੇ ਹਲਕੀ ਦਾੜ੍ਹੀ ਮੁੱਛਾਂ ਹਨ। ਮਸ਼ਕੂਕ ਨੇ ਹਰੇ ਤੇ ਚਿੱਟੇ ਰੰਗ ਦੀ ਜਰਸੀ, ਕਾਲੀਆਂ ਲੈਗਿੰਗਜ਼, ਕਾਲੀਆਂ ਸ਼ੌਰਟਸ ਤੇ ਗ੍ਰੇਅ ਸ਼ੂਜ਼, ਜਿਨ੍ਹਾਂ ਦੇ ਤਸਮੇ ਆਰੇਂਜ ਹਨ, ਪਾਏ ਹੋਏ ਹਨ।

# ਮੀਤ ਹੇਅਰ ਵਲੋਂ ਵਿਸ਼ਵ ਕੱਪ ਵਿਚ ਕਾਂਸੀ ਦਾ ਤਗ਼ਮਾ ਜਿੱਤਣ ਲਈ ਸਿਫ਼ਤ ਕੌਰ ਸਮਰਾ ਨੂੰ ਵਧਾਈ

ਚੰਡੀਗੜ੍ਹ, 26 ਮਾਰਚ (ਗਿਆਨ ਸਿੰਘ): ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਭੋਪਾਲ ਵਿਖੇ ਕਰਵਾਏ ਜਾ ਰਹੇ ਆਈ.ਐੱਸ.ਐੱਸ.ਐੱਫ. ਵਿਸ਼ਵ ਕੱਪ 2023 ਵਿਚ ਕਾਂਸੀ ਦਾ ਤਗਮਾ ਜਿੱਤਣ ਵਾਲੀ ਫਰੀਦਕੋਟ ਦੀ ਨਿਸ਼ਾਨੇਬਾਜ਼ ਸਿਫ਼ਤ ਕੌਰ ਸਮਰਾ ਨੂੰ ਵਧਾਈ ਦਿੱਤੀ ਹੈ।




ਖੇਡ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿਚ ਖੇਡਾਂ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜੋ ਵਿਸ਼ਵ ਪੱਧਰ 'ਤੇ ਸੂਬੇ ਦੀ ਸ਼ਾਨ ਨੂੰ ਮੁੜ ਬਹਾਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸਿਫ਼ਤ ਕੌਰ ਸਮਰਾ ਦੀ ਪ੍ਰਾਪਤੀ ਇਸ ਵਚਨਬੱਧਤਾ ਦੀ ਗਵਾਹੀ ਭਰਦੀ ਹੈ।

ਜ਼ਿਕਰਯੋਗ ਹੈ ਕਿ ਸਿਫ਼ਤ ਕੌਰ ਸਮਰਾ ਨੇ 403.9 ਅੰਕ ਹਾਸਿਲ ਕੀਤੇ ਜਦਕਿ ਚਾਂਦੀ ਦਾ ਤਗ਼ਮਾ ਜੇਤੂ ਚੈੱਕ ਗਣਰਾਜ ਦੀ ਅਨੇਤਾ ਬ੍ਰਾਬਕੋਵਾ ਨੇ 411.3 ਅੰਕ ਅਤੇ ਸੋਨ ਤਗ਼ਮਾ ਜੇਤੂ ਚੀਨ ਦੀ ਕਿਓਨਗਿਊ ਝਾਂਗ ਨੇ 414.7 ਅੰਕ ਹਾਸਿਲ ਕੀਤੇ।

# ਸਰਕਾਰ ਨਾਲ ਕੀਤੇ ਗਏ 'ਕੌਨਫੀਡੈਂਸ ਐਂਡ ਸਪਲਾਈ' ਸਮਝੌਤੇ ਤੋਂ ਸੰਤੁਸ਼ਟ ਨਹੀਂ ਹਨ ਜਗਮੀਤ ਸਿੰਘ

ਪੰਨਾ 1 ਦਾ ਬਾਕੀ

ਉਨ੍ਹਾਂ ਆਖਿਆ ਕਿ ਉਹ ਲੋਕਾਂ ਦੇ ਹਿੱਤ ਵਿੱਚ ਆਪ ਫੈਸਲੇ ਲੈਣਾ ਚਾਹੁੰਦੇ ਹਨ ਤੇ ਅਜਿਹੀ ਪੁਜ਼ੀਸ਼ਨ ਉੱਤੇ ਹੋਣਾ ਚਾਹੁੰਦੇ ਹਨ ਜਿੱਥੇ ਉਹ ਫੈਸਲਿਆਂ ਨੂੰ ਪ੍ਰਭਾਵਿਤ ਕਰ ਸਕਣ। ਉਨ੍ਹਾਂ ਆਖਿਆ ਕਿ ਜੇ ਸੱਤਾ ਦੀ ਵਾਗਡੋਰ ਉਨ੍ਹਾਂ ਦੇ ਹੱਥ ਹੋਵੇ ਤਾਂ ਹੋਰ ਵੀ ਕਾਫੀ ਕੁੱਝ ਸੰਵਾਰਿਆ ਜਾ ਸਕਦਾ ਹੈ। ਇਸ ਦੌਰਾਨ ਕੌਨਫੀਡੈਂਸ ਐਂਡ ਸਪਲਾਈ ਡੀਲ ਦੀਆਂ ਕੁੱਝ ਆਈਟਮਾਂ ਹਨ ਜਿਹੜੀਆਂ ਮੰਗਲਵਾਰ ਨੂੰ ਪੇਸ਼ ਕੀਤੇ ਜਾਣ ਵਾਲੇ ਫੈਡਰਲ ਬਜਟ ਵਿੱਚ ਹੋਣ ਦੀ ਉਮੀਦ ਹੈ, ਜਿਵੇਂ ਕਿ ਡੈਂਟਲ ਕੇਅਰ ਪ੍ਰੋਗਰਾਮ ਵਿੱਚ ਪਸਾਰ। ਪਰ ਮਹਿੰਗਾਈ ਨੂੰ ਵਧਣ ਤੋਂ ਰੋਕਣ ਲਈ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਨੇ ਬਜਟ ਵਿੱਚ ਵਿੱਤੀ ਸੰਜਮ ਤੋਂ ਕੰਮ ਲੈਣ ਦੀ ਯੋਜਨਾ ਉਲੀਕੀ ਹੈ ਤੇ ਇਸ ਦੇ ਨਾਲ ਹੀ ਮਹਿੰਗਾਈ ਨਾਲ ਸੰਘਰਸ਼ ਕਰ ਰਹੇ ਕੈਨੇਡੀਅਨਜ਼ ਦੀ ਮਦਦ ਲਈ ਨਿਰਧਾਰਤ ਥਾਂਵਾਂ ਉੱਤੇ ਖਰਚੇ ਕਰਨ ਦਾ ਵਾਅਦਾ ਕੀਤਾ ਹੈ।

ਇਸ ਉੱਤੇ ਜਗਮੀਤ ਸਿੰਘ ਨੇ ਆਖਿਆ ਕਿ ਸੋਚ ਸਮਝ ਕੇ ਤੇ ਚੁਣੀਆਂ ਗਈਆਂ ਥਾਂਵਾਂ ਉੱਤੇ ਖਰਚਾ ਕਰਨ ਨਾਲ ਉਹ ਸਹਿਮਤ ਹਨ ਤੇ ਉਨ੍ਹਾਂ ਦਾ ਇਹ ਵੀ ਮੰਨਣਾ ਹੈ ਕਿ ਡੈਂਟਲ ਕੇਅਰ ਪ੍ਰੋਗਰਾਮ ਤੇ ਜੀਐਸਟੀ ਛੋਟ ਵਿੱਚ ਵਾਧਾ ਕਰਕੇ ਉਹ ਕੈਨੇਡੀਅਨਜ਼ ਦੀ ਹੋਰ ਮਦਦ ਕਰ ਸਕਦੇ ਹਨ। ਇੱਥੇ ਦੱਸਣਾ ਬਣਦਾ ਹੈ ਕਿ ਜਨਵਰੀ ਵਿੱਚ ਜਗਮੀਤ ਸਿੰਘ ਨੇ ਆਪਣੇ ਕਾਕਸ ਨੂੰ ਇਹ ਆਖਿਆ ਸੀ ਕਿ ਜੇ ਸਮਝੌਤੇ ਦੀ ਕੋਈ ਵੀ ਸ਼ਰਤ ਸਰਕਾਰ ਤੋੜਦੀ ਹੈ ਤੇ ਜੇ ਸਾਡੇ ਨਾਲ ਕੀਤੀ ਡੀਲ ਵਿੱਚੋਂ ਕੁੱਝ ਨੁਕਤੇ ਮੰਨਣ ਤੋਂ ਸਰਕਾਰ ਇਨਕਾਰੀ ਹੁੰਦੀ ਹੈ ਤਾਂ ਸਾਡੇ ਕੋਲ ਵੀ ਸਰਕਾਰ ਨੂੰ ਦਿੱਤਾ ਸਮਰਥਨ ਵਾਪਿਸ ਲੈਣ ਦਾ ਹੱਕ ਹੈ।

# ਪੰਜਾਬ ਸਰਕਾਰ ਨੁਕਸਾਨੀਆਂ ਫਸਲਾਂ ਦਾ 25 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਵੇ : ਸੁਖਦੇਵ ਸਿੰਘ ਢੀਂਡਸਾ

ਚੰਡੀਗੜ੍ਹ, 26 ਮਾਰਚ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਪ੍ਰਧਾਨ ਅਤੇ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਨੇ ਪੰਜਾਬ ਵਿਚ ਪਿਛਲੇ ਕੁਝ ਦਿਨਾਂ ਤੋਂ ਪਏ ਬੇਮੌਸਮੇ ਮੀਂਹ ਅਤੇ ਗੜ੍ਹਿਆਂ ਕਾਰਣ ਨੁਕਸਾਨੀਆਂ ਫਸਲਾਂ ਦਾ ਮੁੱਖ ਮੰਤਰੀ ਭਗਵੰਤ ਮਾਨ ਨੂੰ 25 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਜਲਦ ਗਿਰਦਾਵਰੀ ਮੁਕੰਮਲ ਕਰਵਾ ਕੇ ਪੀੜਤ ਕਿਸਾਨਾਂ ਨੂੰ ਮੁਆਵਜ਼ਾ ਜਾਰੀ ਕਰਨਾ ਚਾਹੀਦਾ ਹੈ। ਢੀਂਡਸਾ ਨੇ ਕਿਹਾ ਕਿ ਸੂਬੇ ਵਿਚ ਕਈ ਦਿਨ ਤੱਕ ਰੁਕ-ਰੁਕ ਪਏ ਮੀਂਹ ਕਾਰਣ ਤਿਆਰ ਕਣਕ ਦੀ ਫਸਲ ਦਾ ਸਭ ਤੋਂ ਵੱਧ ਨੁਕਸਾਨ ਹੋਇਆ ਹੈ। ਇਸ ਤੋਂ ਇਲਾਵਾ ਮੀਂਹ ਨਾਲ ਢਹਿ-ਢੇਰੀ ਹੋਏ ਘਰਾਂ ਅਤੇ ਪਸ਼ੂਆਂ ਦੇ ਨੁਕਸਾਨ ਦੀ ਵੀ ਰਿਪੋਰਟ ਪ੍ਰਾਪਤ ਹੋਈ ਹੈ। ਜਿਸ ਲਈ ਪੰਜਾਬ ਸਰਕਾਰ ਨੂੰ ਤੁਰੰਤ ਪੀੜਤਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਵਿਚ ਮੀਂਹ, ਗੜ੍ਹਿਆਂ ਅਤੇ ਤੇਜ਼ ਹਵਾਵਾਂ ਕਾਰਣ ਸੂਬੇ ਭਰ ਵਿਚ 15 ਲੱਖ ਹੈਕਟੇਅਰ ਦੇ ਕਰੀਬ ਫਸਲ ਪ੍ਰਭਾਵਿਤ ਹੋਈ ਹੈ। ਸਭ ਵਿਚ ਕਈਂ ਥਾਂਵਾਂ 'ਤੇ ਕਿਸਾਨਾਂ ਦੀ 100 ਫੀਸਦੀ ਫਸਲ ਖਰਾਬ ਹੋ ਗਈ ਹੈ, ਜਦੋਂਕਿ ਜ਼ਿਆਦਾਤਰ ਕਿਸਾਨਾਂ ਦੀ 40-50 ਫੀਸਦੀ ਹਾੜ੍ਹੀ ਦੀ ਫਸਲ ਪ੍ਰਭਾਵਿਤ ਹੋਈ ਹੈ।

## ਅੱਜ ਨਾਮਾ >>

ਵਧਦੀ ਯੂਰਪ ਵੱਲ ਚਿੰਤਾ ਤਾਂ ਵਧਣ ਦੇਈਏ,
ਇਸ ਦੇ ਫਿਕਰ ਦੀ ਸਾਨੂੰ ਨਹੀਂ ਲੋੜ ਮੀਆਂ।
ਯੂਕਰੇਨ ਪਿੱਛੇ ਅਮਰੀਕਾ ਈ ਖੜਾ ਡਟਿਆ,
ਅਸਲੇ ਵਾਲੀ ਨਹੀਂ ਕਿਤੇ ਕੁਝ ਥੋੜ੍ਹ ਮੀਆਂ।
ਤਾਕਤ ਰੂਸ ਦੀ ਕਹਿੰਦੇ ਬਈ ਬਹੁਤ ਤਕੜੀ,
ਸਕਿਆ ਪਿੱਛੇ ਨਾ ਉਹਨੂੰ ਕੋਈ ਮੋੜ ਮੀਆਂ।
ਯੂਕਰੇਨ ਦੋਵਾਂ ਵਿਚਾਲੇ ਆ ਬਹੁਤ ਫਸਿਆ,
ਵੱਡੀਆਂ ਤਾਕਤਾਂ ਦੀ ਚੱਲ ਰਹੀ ਹੋੜ ਮੀਆਂ।
ਪੁਆੜਾ ਜਿਹੜਾ ਕਸੂਤਾ ਜਿਹਾ ਪਿਆ ਫਿਰਦਾ,
ਉਸ ਨਾਲ ਹੋਣੀ ਦਾ ਲੱਗਾ ਪਿਆ ਦਾਅ ਮੀਆਂ।
ਹੋਈ ਪਈ ਜਾਨ ਇਨਸਾਨਾਂ ਦੀ ਬਹੁਤ ਸਸਤੀ,
ਵਧਿਆ ਏ ਮਰਨ-ਮਰਾਉਣ ਦਾ ਚਾਅ ਮੀਆਂ।

**ਤੀਸ ਮਾਰ ਖਾਂ**






















# ਭਾਰਤ ਦੀ ਰਾਜਨੀਤੀ ਤੇ ਕੂਟਨੀਤੀ ਵਿੱਚ ਨਵੇਂ ਮੋੜ ਵਾਲੇ ਸੰਕੇਤ



ਜਤਿੰਦਰ ਪੰਨੂ

ਮਾਰਚ ਦੀ ਅਠਾਰਾਂ ਤੋਂ ਪੰਝੀ ਤਰੀਕ ਤੱਕ ਦਾ ਸਮਾਂ ਪੰਜਾਬ ਦੀ ਰਾਜਨੀਤੀ ਲਈ ਵੀ ਭੁਚਾਲੀ ਘਟਨਾਵਾਂ ਦਾ ਸੀ ਤੇ ਭਾਰਤੀ ਰਾਜਨੀਤੀ ਵਿੱਚ ਵੀ ਨਵਾਂ ਦੌਰ ਸ਼ੁਰੂ ਹੋਣ ਦਾ ਸੰਕੇਤ ਦੇਣ ਵਾਲਾ ਬਣ ਗਿਆ। ਕੋਈ ਇਹ ਸਮਝੇ ਜਾਂ ਨਾ ਸਮਝੇ, ਇਸ ਹਫਤੇ ਭਾਰਤ ਸਰਕਾਰ, ਜਿਹੜੀ ਕਹਿਣ ਨੂੰ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਤੇ ਅਸਲ ਵਿੱਚ ਇਕੱਲੇ ਆਗੂ ਨਰਿੰਦਰ ਮੋਦੀ ਦੀ ਅਗਵਾਈ ਹੇਠ ਚੱਲਣ ਵਾਲੀ ਹੈ, ਆਪਣੇ ਉਸ ਨਵੇਂ ਰੂਪ ਵਿੱਚ ਸੰਸਾਰ ਸਾਹਮਣੇ ਆਈ ਹੈ, ਜਿਸ ਦਾ ਖਿਆਲ ਤਾਂ ਕਈਆਂ ਨੂੰ ਆਉਂਦਾ ਸੀ, ਪਰ ਯਕੀਨ ਨਹੀਂ ਸੀ ਆਉਂਦਾ। ਇਸ ਹਫਤੇ ਦੌਰਾਨਇੱਕ ਪਾਸੇ ਭਾਰਤ ਦੀ ਸਭ ਤੋਂ ਪੁਰਾਣੀ ਤੇ ਸਭ ਤੋਂ ਲੰਮਾਂ ਸਮਾਂ ਰਾਜ ਕਰ ਚੁੱਕੀ ਕਾਂਗਰਸ ਪਾਰਟੀ ਦਾ ਸਿਖਰਲਾ ਰਾਜਸੀ ਆਗੂ ਰਾਜਨੀਤੀ ਦੀ ਪਿੱਚ ਤੋਂ ਕ੍ਰਿਕਟ ਦੇ ਕਿਸੇ ਖਿਡਾਰੀ ਦੇ 'ਐੱਲ ਬੀ ਡਬਲਿਊ' ਹੋਣ ਵਾਂਗ ਆਪਣੇ ਆਪ ਲਾਂਭੇ ਹੋਣ ਵਾਲੇ ਹਾਲਾਤ ਵਿੱਚ ਫਸ ਕੇ ਆਊਟ ਹੁੰਦਾ ਪਿਆ ਜਾਪਣ ਲੱਗਾ ਹੈ। ਦੂਸਰੇ ਪਾਸੇ ਇੱਕ ਨਵੇਂ ਉੱਠੇ ਗਰਮ-ਦਲੀ ਸਿੱਖ ਲੀਡਰ ਅੰਮ੍ਰਿਤਪਾਲ ਸਿੰਘ ਦੇ ਵਿਹਾਰ ਨੇ ਪੰਜਾਬ ਦੀ ਰਾਜਨੀਤੀ ਅਤੇ ਖਾਸ ਤੌਰ ਉੱਤੇ ਸਿੱਖ ਰਾਜਨੀਤੀ ਨੂੰ ਇਸ ਤਰ੍ਹਾਂ ਉਲਝਾ ਦਿੱਤਾ ਕਿ ਉਸ ਦੇ ਪੱਖ ਜਾਂ ਵਿਰੋਧ ਦਾ ਕੋਈ ਰਾਹ ਚੁਣਨਾ ਵੱਡੇ ਚਿਹਰਿਆਂ ਲਈ ਵੀ ਸੁਖਾਵਾਂ ਨਹੀਂ ਰਿਹਾ। ਤੀਸਰੇ ਪਾਸੇ ਤੱਤੀ ਸੋਚ ਵਾਲੇ ਕੁਝ ਕੁ ਲੋਕਾਂਦੀ ਵਿਦੇਸ਼ਾਂ ਵਿੱਚ ਭਾਰਤ-ਵਿਰੋਧੀ ਸਰਗਰਮੀਪਿੱਛੋਂ ਨਰਿੰਦਰ ਮੋਦੀ ਸਰਕਾਰ ਨੇ ਉਨਾਂ ਦੇਸ਼ਾਂ ਅੱਗੇ ਰੋਸ ਕਰਨ ਦੀ ਥਾਂ ਏਦਾਂ ਦਾ ਸਖਤ ਰੁਖ ਵਿਖਾਇਆ ਹੈ, ਜਿਸ ਦੀ ਉਨ੍ਹਾਂ ਨੇ ਪਹਿਲਾਂ ਕਦੀ ਕਲਪਨਾ ਨਹੀਂ ਸੀ ਕੀਤੀ।

ਅੰਮ੍ਰਿਤਪਾਲ ਸਿੰਘ ਦੇ ਮਾਮਲੇ ਵਿੱਚ ਅਸੀਂ ਬਹੁਤਾ ਕੁਝ ਇਸ ਲਈ ਨਹੀਂ ਕਹਿਣਾ ਚਾਹੁੰਦੇ ਕਿ ਪੁਲਸ ਨਾਕੇ ਉੱਤੋਂ ਬਚ ਜਾਣ ਪਿੱਛੋਂ ਜਿਹੜਾ ਵਿਹਾਰ ਉਸ ਨੇ ਕੀਤਾ ਹੈ, ਉਸ ਨੇ ਉਸ ਦੀ ਆਪਣੀ ਤੇ ਉਸ ਨਾਲ ਜੁੜੀ ਹੋਈ ਟੀਮ ਦੀ ਸਾਖ ਪ੍ਰਭਾਵਤ ਹੋਣ ਦੀ ਚਰਚਾ ਛੇੜ ਦਿੱਤੀ ਹੈ। ਉਸ ਦੀ ਉਠਾਣ ਦੌਰਾਨ ਬਹੁਤੀਆਂ ਨਜ਼ਰਾਂ ਸਿੱਖਾਂ ਦੀ ਸਰਬ ਉੱਚ ਗਿਣੀ ਜਾਣ ਵਾਲੀ ਹਸਤੀ ਸ੍ਰੀ ਅਕਾਲ ਤਖਤ ਦੇ ਜਥੇਦਾਰ ਵੱਲ ਉੱਠਦੀਆਂ ਸਨ ਕਿ ਇਸ ਵਰਤਾਰੇ ਬਾਰੇ ਇਤਹਾਸ ਜਾਂ ਰਿਵਾਇਤ ਦੇ ਪੱਖੋਂ ਕੋਈ ਸੇਧ ਦੇਣ ਵਾਲਾ ਫੈਸਲਾ ਕਰਨਗੇ, ਪਰ ਜਲੰਧਰ ਦੇ ਗੁਰਦੁ-ਆਰਾ ਮਾਡਲ ਟਾਊਨ ਵਾਲੀ ਘਟਨਾ ਤੋਂ ਅਜਨਾਲਾ ਥਾਣੇ ਵਾਲੀ ਘਟਨਾ ਤੱਕ ਬਾਰੇ ਜਥੇਦਾਰ ਸਾਹਿਬ ਮੌਕਾ ਹੀ ਟਾਲਦੇ ਰਹੇ। ਇਸ ਦੇ ਬਾਅਦ ਜੋ ਕੁਝ ਵਾਪਰਿਆ, ਉਸ ਨਾਲ ਸਿੱਖਾਂ ਵਿੱਚ ਫਿਰ ਦੁਬਿਧਾ ਫੈਲੀ, ਪਰ ਜਥੇਦਾਰ ਸਾਹਿਬ ਏਹੋ ਜਿਹੇ ਬਿਆਨ ਦੇ ਕੇ ਸਮੇਂ ਨੂੰ ਧੱਕਾ ਦੇਣ ਲੱਗੇ ਰਹੇ, ਜਿਨ੍ਹਾਂ ਦਾ ਕੋਈ ਅਰਥ ਨਹੀਂ ਸੀ। ਸਿੱਖ ਭਾਈਚਾਰੇ ਦਾ ਇੱਕ ਤੱਤੇ ਸੁਭਾਅ ਵਾਲਾ ਹਿੱਸਾ ਜਦੋਂ ਇਸ ਮੌਕੇ ਅੰਮ੍ਰਿਤਪਾਲ ਸਿੰਘ ਦੇ ਨਾਲ ਖੜੋਣ ਦੇ ਐਲਾਨ ਕਰਨ ਅਤੇ ਸੜਕਾਂ ਰੋਕਣ ਦੀਆਂ ਗੱਲਾਂ ਕਰ ਰਿਹਾ ਸੀ, ਇਸੇ ਭਾਈਚਾਰੇ ਦਾ ਇੱਕ ਵੱਡਾ ਹਿੱਸਾ ਇਸ ਵਰਤਾਰੇ ਨੂੰ ਸਿੱਖੀ ਰਿਵਾਇਤ ਦੇ ਪੱਖ ਤੋਂ ਠੀਕ ਨਹੀਂ ਸੀ ਮੰਨ ਰਿਹਾ। ਜਥੇਦਾਰ ਸਾਹਿਬ ਅਤੇ ਉਨ੍ਹਾਂ ਦੇ ਸਾਥੀ ਸਿੰਘ ਸਾਹਿਬਾਨ ਜਾਂ ਉਨ੍ਹਾਂ ਦੀਆਂ ਨਿਯੁਕਤੀਆਂ ਕਰਨ ਵਾਲੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਮੌਕੇ ਵੀ ਪੂਰੀ ਤਰ੍ਹਾਂ ਉਦਾਸੀਨ ਜਿਹੇ ਹੋ ਕੇ ਖਬਰਾਂ ਪੜ੍ਹਦੇ ਅਤੇ ਵਕਤ ਵਿਚਾਰਦੇ ਬੈਠੇ ਰਹੇ। ਉਨ੍ਹਾਂ ਨੂੰ ਕੋਈ ਫੈਸਲਾ ਲੈਣਾ ਚਾਹੀਦਾ ਸੀ, ਪਰ ਉਹ ਅਜੇ ਤੱਕ ਹਰਿਆਣੇ ਦੀ ਵੱਖਰੀ ਗੁਰਦੁਆਰਾ ਕਮੇਟੀ ਵਿਰੁੱਧ ਕਾਨੂੰਨੀ ਲੜਾਈ ਹਾਰ ਜਾਣ ਦੇ ਦੁੱਖ ਵਿੱਚੋਂ ਹੀ ਨਹੀਂ ਸਨ ਨਿਕਲ ਸਕੇ ਤੇ ਹਾਲਾਤ ਦੇ ਉਸ ਵਗਦੇ ਵਹਿਣ ਵੱਲ ਅੱਖ ਨਹੀਂ ਸਨ ਚੁੱਕ ਸਕੇ, ਜਿਸ ਵਿੱਚ ਕਮਾਂਡ ਫਿਰ ਕੇਂਦਰੀ ਏਜੰਸੀਆਂ ਅਤੇ ਉਨ੍ਹਾਂ ਪਿੱਛੇ ਬੈਠੀ ਕੇਂਦਰ ਸਰਕਾਰ ਦੇ ਹੱਥ ਆਉਂਦੀ ਗਈ ਸੀ।ਨਵੀਂ ਸਥਿਤੀ ਵਿੱਚ ਪੰਜਾਬ ਸਰਕਾਰ ਤੇ ਇਸ ਦੀ ਪੁਲਸ ਕੋਲ ਬਹੁਤਾ ਕੁਝ ਕਰਨ ਲਈ ਨਹੀਂ ਸੀ ਬਚਿਆ, ਅੰਮ੍ਰਿਤਪਾਲ ਸਿੰਘ ਦੇ ਮੁੱਦੇ ਨਾਲ ਕੇਂਦਰੀ ਏਜੰਸੀਆਂ ਨੂੰ ਹਰ ਕਿਸੇ ਗੱਲ ਬਾਰੇ ਪੰਜਾਬ ਵਿੱਚ ਆਪਣੀ ਮਰਜ਼ੀ ਮੁਤਾਬਕ ਚੱਲਣ ਦਾ ਰਾਹ ਮਿਲਦਾ ਗਿਆ ਸੀ।

ਇਸ ਦੌਰਾਨ ਵਿਦੇਸ਼ਾਂ ਵਿੱਚ ਕੀਤੇ ਗਏ ਰੋਸ ਪ੍ਰਦਰਸ਼ਨਾਂ ਵਿੱਚੋਂ ਕੁਝ ਥਾਂਈਂ ਹੱਦਾਂ ਟੱਪਣ ਦੀਆਂ ਖਬਰਾਂ ਵੀ ਮਿਲਣ ਲੱਗ ਪਈਆਂ। ਖਾਸ ਕਰ ਕੇ ਲੰਡਨ ਵਿੱਚ ਭਾਰਤੀ ਹਾਈ ਕਮਿਸ਼ਨ ਅਤੇ ਸਾਨ ਫਰਾਂਸਿਸਕੋ ਵਿੱਚ ਭਾਰਤੀ ਕੌਂਸਲੇਟ ਵਾਲੇ ਹਾਲਾਤ ਤੋਂ ਭਾਰਤ ਸਰਕਾਰ ਓਥੋਂ ਦੀਆਂ ਸਰਕਾਰਾਂ ਨਾਲ ਪਹਿਲੀ ਵਾਰੀ ਕੌੜ ਨਾਲ ਗੱਲ ਕਰਨ ਲੱਗੀ। ਬ੍ਰਿਟੇਨ ਸਰਕਾਰ ਨੇ ਪਹਿਲੇ ਦਿਨ ਭਾਰਤ ਸਰਕਾਰ ਵੱਲੋਂ ਕੀਤੇ ਗਏ ਰੋਸ ਨੂੰ ਬਹੁਤਾ ਗੰਭੀਰਤਾ ਨਾਲ ਨਹੀਂ ਸੀ ਲਿਆ ਜਾਪਦਾ, ਪਰ ਉਸ ਪਿੱਛੋਂ ਜਦ ਭਾਰਤ ਸਰਕਾਰ ਨੇ ਦਿੱਲੀ ਵਿੱਚ ਬ੍ਰਿਟੇਨ ਦੇ ਹਾਈ ਕਮਿਸ਼ਨ ਤੇ ਹਾਈ ਕਮਿਸ਼ਨਰ ਦੀ ਰਿਹਾਇਸ਼ ਮੂਹਰੇ ਲੱਗੀ ਹੋਈ ਸੁਰੱਖਿਆ ਹਟਾਉਣ ਜਾਂ ਘਟਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਤਾਂ ਇਸ ਦਾ ਅਸਰ ਦਿੱਸਣ ਲੱਗ ਪਿਆ। ਲੰਡਨ ਵਿੱਚ ਅਗਲੇਰੇ ਦਿਨ ਹੋਏ ਮੁਜ਼ਾਹਰੇ ਵਿਰੁੱਧ ਓਥੋਂ ਦੀ ਪੁਲਸ ਪੂਰੀ ਸਖਤੀ ਨਾਲ ਪੇਸ਼ ਆਈ ਅਤੇ ਪਹਿਲੇ ਪ੍ਰਦਰਸ਼ਨ ਦੇ ਵਕਤ ਹਾਈ ਕਮਿਸ਼ਨ ਦੀ ਬਿਲਡਿੰਗ ਤੋਂ ਭਾਰਤੀ ਝੰਡਾ ਲਾਹੁਣ ਵਾਲੇ ਬੰਦੇ ਵਿਰੁੱਧ ਵੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਏਸੇ ਤਰ੍ਹਾਂ ਦੀ ਸਖਤੀ ਨਾਲ ਭਾਰਤ ਨੇ ਅਮਰੀਕਾ ਨੂੰ ਵੀ ਇਸ ਮਾਮਲੇ ਵਿੱਚ ਆਪਣਾ ਸੰਦੇਸ਼ ਭੇਜਿਆ ਤਾਂ ਇਸ ਕਾਰਨ ਸੰਸਾਰ ਭਰ ਵਿੱਚ ਸਿਰਫ ਇਨ੍ਹਾਂ ਘਟਨਾਵਾਂ ਦਾ ਰੋਸ ਹੀ ਨਹੀਂ, ਭਾਰਤ ਸਰਕਾਰ ਦੀ ਨਵੀਂ ਪਹੁੰਚ ਦਾ ਸੰਦੇਸ਼ ਵੀ ਪਹੁੰਚ ਗਿਆ।

ਦੂਸਰਾ ਮਸਲਾ ਕਾਂਗਰਸ ਆਗੂ ਰਾਹੁਲ ਗਾਂਧੀ ਦੇ ਵਿਰੁੱਧ ਅਦਾਲਤ ਦੇ ਸਖਤ ਹੁਕਮ ਦਾ ਅਤੇ ਉਸ ਹੁਕਮ ਪਿੱਛੋਂ ਝਟਾਪਟ ਉਸ ਦੀ ਪਾਰਲੀਮੈਂਟ ਮੈਂਬਰੀ ਰੱਦ ਕਰਨ ਦੀ ਕਾਰਵਾਈ ਕੀਤੇ ਜਾਣ ਦਾ ਸੀ। ਰਿਵਾਇਤ ਪੱਖੋਂ ਇਹ ਸਮਝਣ ਦੀ ਭੁੱਲ ਕਈ ਵੱਡੇ ਆਗੂ ਕਰ ਗਏ ਕਿ ਨਰਿੰਦਰ ਮੋਦੀ ਸਰਕਾਰ ਹੋਰ ਜੋ ਵੀ ਕਰੀ ਜਾਵੇ, ਰਾਹੁਲ ਗਾਂਧੀ ਵਿਰੁੱਧ ਪਾਰਲੀਮੈਂਟ ਦੀ ਮੈਂਬਰੀ ਖਤਮ ਕਰਨ ਵਰਗੇ ਕਦਮ ਦੀ ਕਾਹਲੀ ਨਹੀਂ ਕਰੇਗੀ। ਉਨ੍ਹਾਂ ਨੇ ਇਹ ਨਹੀਂ ਵੇਖਿਆ ਕਿ ਜਦੋਂ ਕਾਨੂੰਨ ਇਸ ਤਰ੍ਹਾਂ ਕਰਨ ਤੋਂ ਨਹੀਂ ਰੋਕਦਾ ਤਾਂ ਨਰਿੰਦਰ ਮੋਦੀ ਸਰਕਾਰ ਫਸੇ ਹੋਏ ਸ਼ਰੀਕ ਰਾਹੁਲ ਗਾਂਧੀ ਦਾ ਲਿਹਾਜ਼ ਕਿਉਂ ਕਰੇਗੀ! ਅਸਲ ਵਿੱਚ ਇਸ ਕਾਰਵਾਈ ਦਾ ਕਾਨੂੰਨੀ ਰਾਹ ਵੀ ਰਾਹੁਲ ਗਾਂਧੀ ਦੀ ਕੱਚ-ਘਰੜ ਹਰਕਤ ਤੋਂ ਨਿਕਲਿਆ ਸੀ। ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਵੇਲੇਪਾਸ ਕੀਤਾ ਇੱਕ ਬਿੱਲ ਭਰੀ ਪ੍ਰੈੱਸ ਕਾਨਫਰੰਸ ਦੇ ਦੌਰਾਨਕਾਂਗਰਸ ਦੇ ਇੱਕ ਕੇਂਦਰੀ ਆਗੂਤੋਂ ਖੋਹ ਕੇ ਰਾਹੁਲ ਗਾਂਧੀ ਨੇ ਜਦੋਂ ਪਾੜਿਆ ਸੀ ਤਾਂ ਉਸ ਨੂੰ ਇਹ ਨਹੀਂ ਸੀ ਪਤਾ ਕਿ ਏਦਾਂ ਕਰਨ ਦਾ ਖਮਿਆਜ਼ਾ ਕਿਸੇ ਦਿਨ ਖੁਦ ਉਸ ਨੂੰ ਕਾਨੂੰਨੀ ਰੂਪ ਵਿੱਚ ਭੁਗਤਣਾ ਪਵੇਗਾ। ਸਤੰਬਰ 2013 ਵਿੱਚ ਮਨਮੋਹਨ ਸਿੰਘ ਦੀ ਅਗਵਾਈ ਵਾਲੀ ਸਾਂਝੀ ਸਰਕਾਰ ਨੇ ਜਿਹੜਾ ਆਰਡੀਨੈਂਸ ਲਿਆਂਦਾ ਤੇ ਜਿਹੜਾ ਉਸ ਦਿਨ ਰਾਹੁਲ ਗਾਂਧੀ ਨੇ ਪਾੜਿਆ ਸੀ, ਉਸ ਤੋਂ ਪਹਿਲਾਂ ਸੁਪਰੀਮ ਕੋਰਟ ਨੇ ਫੈਸਲਾ ਦਿੱਤਾ ਸੀ ਕਿ ਜਿਸ ਵੀ ਪਾਰਲੀਮੈਂਟ ਮੈਂਬਰ ਜਾਂ ਵਿਧਾਇਕ ਨੂੰ ਦੋ ਸਾਲ ਜਾਂ ਇਸ ਤੋਂ ਵੱਧ ਸਜ਼ਾ ਹੋ ਜਾਵੇ, ਉਸ ਦੀ ਮੈਂਬਰੀ ਖੜੇ ਪੈਰ ਖਤਮ ਹੋ ਜਾਣੀ ਚਾਹੀਦੀ ਹੈ। ਮਨਮੋਹਨ ਸਿੰਘ ਸਰਕਾਰ ਨੇ ਇਸ ਫੈਸਲੇ ਦਾ ਅਸਰ ਰੋਕਣ ਲਈ ਆਰਡੀਨੈਂਸ ਲਿਆਂਦਾ ਸੀ। ਜੇ ਉਸ ਦਿਨ ਰਾਹੁਲ ਗਾਂਧੀ ਨੇ ਉਹ ਕਾਗਜ਼ ਪਾੜਿਆ ਨਾ ਹੁੰਦਾ ਤਾਂ ਖੜੇ ਪੈਰ ਪਾਰਲੀਮੈਂਟ ਮੈਂਬਰੀ ਖਤਮ ਕਰਨ ਦਾ ਕੁਹਾੜਾ ਖੁਦ ਉਸ ਦੇ ਖਿਲਾਫ ਚਲਾਉਣ ਲਈ ਨਰਿੰਦਰ ਮੋਦੀ ਸਰਕਾਰ ਕੁਝ ਨਹੀਂ ਸੀ ਕਰ ਸਕਦੀ। ਇਹ ਕਹਿਣਾ ਵੀ ਔਖਾ ਹੈ ਕਿ ਓਦੋਂ ਰਾਹੁਲ ਗਾਂਧੀ ਨੇ ਇਹ ਕਦਮ ਸੋਚ ਕੇ ਚੁੱਕਿਆ ਹੋਵੇਗਾ, ਖੁਦ ਕੁਝ ਸੋਚਣ ਜੋਗਾ ਤਾਂ ਉਹ ਅੱਜ ਤੱਕ ਨਹੀਂ ਹੋ ਸਕਿਆ, ਉਸ ਨਾਲ ਜੁੜੀ ਹੋਈ ਟੀਮ ਜਿਹੜੀ ਗੱਲ ਕਹਿਣ ਦਾ ਇਸ਼ਾਰਾ ਕਰ ਦੇਂਦੀ ਹੈ, ਉਹ ਰਾਹੁਲ ਗਾਂਧੀ ਕਹਿਣ ਲੱਗ ਪੈਂਦਾ ਹੈ। ਓਦੋਂ ਵੀ ਇਹ ਸਾਰਾ ਡਰਾਮਾ ਉਸ ਟੀਮ ਨੇ ਉਸ ਕੋਲੋਂ ਕਰਵਾਇਆ ਸੀ, ਤਾਂ ਕਿ ਰਾਹੁਲ ਗਾਂਧੀ ਨੂੰ ਅਪਰਾਧੀਕਰਨ ਦੀ ਰਾਜਨੀਤੀ ਦਾ ਵਿਰੋਧੀਦੱਸਿਆ ਜਾ ਸਕੇ।

ਆਪਣੇ ਬਾਪ ਰਾਜੀਵ ਗਾਂਧੀ ਦੇ ਵਕਤ ਵਾਲੇ ਵੇਲਾ ਵਿਹਾਅ ਚੁੱਕੇ ਜਿਹੜੇ ਚਾਪਲੂਸਾਂ ਦੀ ਟੀਮ ਰਾਹੁਲ ਗਾਂਧੀ ਹਾਲੇ ਵੀ ਆਪਣੇ ਨਾਲ ਜੋੜੀ ਫਿਰਦਾ ਹੈ, ਉਹ ਨਵੇਂ ਹਾਲਾਤ ਵਿੱਚ ਨਵੀਂ ਗੱਲ ਫੌਰੀ ਤੌਰ ਉੱਤੇ ਸੋਚਣ ਜੋਗੇ ਹੀ ਨਹੀਂ। ਰਾਹੁਲ ਗਾਂਧੀ ਦੇ ਖਿਲਾਫ ਜਦੋਂ ਗੁਜਰਾਤ ਦੇ ਸੂਰਤ ਸ਼ਹਿਰ ਦੀ ਅਦਾਲਤ ਨੇ ਦੋ ਸਾਲ ਦੀ ਸਜ਼ਾ ਦਾ ਫੈਸਲਾ ਸੁਣ-ਇਆ, ਕਾਂਗਰਸ ਦੀ ਕਾਨੂੰਨੀ ਟੀਮ ਨੂੰ ਓਦੋਂ ਪਹਿਲਾਂ ਹੀ ਇਹ ਗੱਲ ਸੋਚਣੀ ਬਣਦੀ ਸੀ ਕਿ ਇਸ ਫੈਸਲੇ ਦਾ ਉਸ ਦੀ ਪਾਰਲੀਮੈਂਟ ਮੈਂਬਰੀ ਉੱਤੇ ਕੀ ਅਸਰ ਪੈ ਸਕਦਾ ਹੈ! ਪਹਿਲਾਂ ਸੋਚਣੀ ਕਿਧਰੇ ਰਹੀ, ਉਸ ਦੀ ਟੀਮ ਫੈਸਲਾ ਐਲਾਨੇ ਜਾਣ ਤੋਂ ਇੱਕ ਦਿਨ ਪਿੱਛੋਂ ਤੱਕ ਵੀ ਇਸ ਕਾਨੂੰਨੀ ਪੱਖ ਨੂੰ ਨਹੀਂ ਸੀ ਪੜ੍ਹ ਸਕੀ ਕਿ ਸੁਪਰੀਮ ਕੋਰਟ ਦੇ ਉਸ ਪੁਰਾਣੇ ਹੁਕਮ ਕਾਰਨ ਅਦਾਲਤ ਤੋਂ ਸਜ਼ਾ ਮਿਲਣ ਦੇ ਵਕਤ ਹੀ ਪਾਰਲੀਮੈਂਟ ਮੈਂਬਰੀ ਵੀ ਖਤਰੇ ਵਿੱਚ ਪੈ ਜਾਂਦੀ ਹੈ। ਕੋਈ ਹੋਰ ਸਰਕਾਰ ਭਾਰਤ ਵਿੱਚ ਹੁੰਦੀ ਤਾਂ ਲਿਹਾਜ਼ ਦੀ ਰਿਵਾਇਤ ਪਾਲਣ ਦਾ ਬਹਾਨਾ ਬਣਾ ਕੇ ਕਾਂਗਰਸ ਪਾਰਟੀ ਨੂੰ ਆਪਣੇ ਅਹਿਸਾਨ ਹੇਠ ਦੱਬਣ ਵਾਲਾ ਕੋਈ ਰਾਹ ਚੁਣ ਸਕਦੀ ਸੀ, ਪਰ ਨਰਿੰਦਰ ਮੋਦੀ ਕੋਲੋਂ ਕਾਂਗਰਸ ਪਾਰਟੀਇਹੋ ਜਿਹੀ ਆਸ ਨਹੀਂ ਕਰ ਸਕਦੀ। ਇਸ ਕਰ ਕੇ ਉਸ ਦੀ ਹਾਈ ਕਮਾਂਡ ਨੂੰ ਤੇਜ਼ੀ ਨਾਲ ਵਗਣਾ ਚਾਹੀਦਾ ਸੀ, ਪਰ ਤੇਜ਼ੀ ਨਾਲ ਉਹ ਨਹੀਂ ਵਗੇ ਅਤੇ ਨਰਿੰਦਰ ਮੋਦੀ ਟੀਮ ਤੇਜ਼ੀ ਵਿਖਾ ਗਈ, ਜਿਸ ਨਾਲ ਅਮੇਠੀ ਦਾ ਜੱਦੀ ਹਲਕਾ ਹਾਰਨ ਪਿੱਛੋਂ ਕੇਰਲਾ ਦੇ ਵਾਇਨਾਡ ਵਾਲੀ ਠਾਹਰ ਉੱਤੇ ਪਹੁੰਚ ਚੁੱਕਾ ਰਾਹੁਲ ਗਾਂਧੀ ਅੱਜ 'ਨਾ ਇਧਰ ਕੇ ਰਹੇ, ਨਾ ਉਧਰ ਕੇ ਰਹੇ' ਵਾਲੀ ਹਾਲਾਤ ਵਿੱਚ ਫਸਿਆ ਪਿਆ ਹੈ।

ਗੱਲ ਸਿਰਫ ਏਥੋਂ ਤੱਕ ਸੀਮਤ ਨਹੀਂ ਰਹਿਣ ਵਾਲੀ। ਅੰਮ੍ਰਿਤਪਾਲ ਸਿੰਘ ਦੇ ਮੁੱਦੇ ਕਾਰਨ ਬ੍ਰਿਟਿਸ਼ ਅਤੇ ਅਮਰੀਕੀ ਸਰਕਾਰਾਂ ਨੂੰ ਨਰਿੰਦਰ ਮੋਦੀ ਸਰਕਾਰ ਨੇ ਜਿਸ ਤਰ੍ਹਾਂ ਦਾ ਸੰਕੇਤ ਦਿੱਤਾ ਹੈ, ਉਸ ਦਾ ਅਸਰ ਭਵਿੱਖ ਦੀ ਸੰਸਾਰ ਪੱਧਰ ਦੀ ਰਾਜਨੀਤੀ, ਜਿਸ ਨੂੰ ਕੂਟਨੀਤੀ ਕਿਹਾ ਜਾਂਦਾ ਹੈ, ਉੱਤੇ ਵੀ ਦਿਖਾਈ ਦੇਣ ਲੱਗ ਜਾਵੇਗਾ। ਆਸਟਰੇਲੀਆ ਵਿੱਚ ਭਾਰਤ ਦੇ ਕੁਝ ਸਰਕਾਰੀ ਦਫਤਰਾਂ ਵਿਰੁੱਧ ਕੁਝ ਲੋਕਾਂ ਨੇ ਹੱਦਾਂ ਤੋੜਦੀ ਸਰਗਰਮੀ ਕੀਤੀ ਸੀ ਤਾਂ ਉਸ ਪਿੱਛੋਂ ਭਾਰਤ ਆਏ ਓਥੋਂ ਦੇ ਪ੍ਰਧਾਨ ਮੰਤਰੀ ਨੂੰ ਵੀ ਭਾਰਤ ਦੇ ਪ੍ਰਧਾਨ ਮੰਤਰੀ ਨੇ ਇਸ ਬਾਰੇ ਆਪਣੀ ਸਰਕਾਰ ਦਾ ਰੁਖ ਏਦਾਂ ਦੱਸਿਆ ਸੀ ਕਿ ਉਸ ਨੇ ਖੜੇ ਪੈਰ ਆਪਣੇ ਦੇਸ਼ ਵਿੱਚ ਏਦਾਂ ਦੀਆਂ ਹਰਕਤਾਂ ਵਿਰੁੱਧ ਸਖਤੀ ਦਾ ਐਲਾਨ ਕਰ ਦਿੱਤਾ ਸੀ। ਭਾਰਤ ਏਸੇ ਸਖਤੀ ਦਾ ਸੰਕੇਤ ਬਾਕੀ ਦੇਸ਼ਾਂ ਨੂੰ ਵੀ ਦੇਣ ਲੱਗ ਪਿਆ ਹੈ ਤੇ ਪਿਛਲੇ ਹਫਤਿਆਂ ਵਿੱਚ ਪਾਕਿਸਤਾਨ ਦੀ ਭਾਰਤ ਵਿਰੋਧੀ ਸਰਗਰਮੀ ਨੂੰ ਸ਼ਹਿ ਦੇਣ ਦੀ ਨੀਤੀ ਵਿਰੁੱਧ ਵੀ ਕੁਝ ਦੇਸ਼ ਬੋਲਣ ਲੱਗੇ ਹਨ। ਗੁਜਰਾਤ ਦੇ ਮੁੱਖ ਮੰਤਰੀ ਹੋਣ ਵੇਲੇ ਨਰਿੰਦਰ ਮੋਦੀ ਦੇ ਸਖਤ ਰੁਖ ਦੀ ਭਾਰਤ ਦੀ ਕੌਮੀ ਰਾਜਨੀਤੀ ਵਿੱਚ ਆਲੋਚਨਾ ਹੋ ਰਹੀ ਸੀ, ਅੱਜ ਭਾਰਤ ਸਰਕਾਰ ਦੇ ਅਗਵਾਨੂੰ ਵਜੋਂ ਉਸ ਦੇ ਓਸੇ ਰੁਖ ਨੂੰ ਭਾਰਤ ਦੀ ਕੌਮੀ ਸ਼ਕਤੀ ਕਿਹਾ ਜਾ ਰਿਹਾ ਹੈ। ਹਾਲਾਤ ਵਿਚਲਾ ਇਹ ਮੋੜ ਭਾਰਤ ਦੇਸ਼ ਨੂੰ ਅਗਲੇ ਦਿਨਾਂ ਵਿੱਚ ਕਿਸੇ ਪਾਸੇ ਲੈ ਜਾਂਦਾ ਹੈ, ਇਹ ਕਹਿਣਾ ਤਾਂ ਹਾਲ ਦੀ ਘੜੀ ਔਖਾ ਹੈ, ਪਰ ਮਾਰਚ ਦਾ ਉੱਨੀ ਤੋਂ ਪੰਝੀ ਤਰੀਕ ਵਾਲਾ ਇੱਕ ਹਫਤਾ ਇਸ ਦੀ ਰਾਜਨੀਤੀ ਅਤੇ ਕੂਟਨੀਤੀ ਦੋਵਾਂ ਲਈ ਨਵੇਂ ਮੋੜ ਦੀ ਸਾਰੀ ਝਲਕ ਦੇ ਗਿਆ ਹੈ।







# ਡਾ. ਨਿਰਮਲ ਜੌੜਾ ਦੀ ਮਾਤਾ ਗੁਰਦੇਵ ਕੌਰ ਨਮਿੱਤ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀ ਭੇਂਟ

ਬਿਲਾਸਪੁਰ (ਮੋਗਾ), 26 ਮਾਰਚ (ਗਿਆਨ ਸਿੰਘ)ਉੱਘੇ ਰੰਗਕਰਮੀ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਿਦਿਆਰਥੀ ਭਲਾਈ ਡਾਇਰੈਕਟਰ ਡਾ ਨਿਰਮਲ ਜੌੜਾ , ਰਜਿੰਦਰ ਸਿੰਘ ਅਤੇ ਸਤਪਾਲ ਸਿੰਘ ਸਿਡਨੀ ਦੇ ਮਾਤਾ ਗੁਰਦੇਵ ਕੌਰ ਨਮਿੱਤ ਸ੍ਰੀ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਮਾਲੂਸਰ ਸਾਹਿਬ, ਬਿਲਾਸਪੁਰ ਵਿਖੇ ਹੋਈ। ਗੁਰਦੇਵ ਕੌਰ ਪਤਨੀ ਮਾਸਟਰ ਜੀਤ ਸਿੰਘ ਜੋ 80 ਵਰ੍ਹਿਆਂ ਦੇ ਸਨ, ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਹਨ।

ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਮੁੱਖ ਮੰਤਰੀ ਭਗਵੰਤ ਮਾਨ, ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਤੇ ਖੇਤੀਬਾੜੀ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਸ਼ਰਧਾਂਜਲੀ ਭੇਂਟ ਕੀਤੀ। ਉਨ੍ਹਾਂ



ਕਿਹਾ ਕਿ ਜੌੜਾ ਪਰਿਵਾਰ ਦੀ ਜਿੱਥੇ ਪਿੰਡ ਨੂੰ ਵੱਡੀ ਦੇਣ ਹੈ ਉੱਥੇ ਪਰਿਵਾਰ ਦੇ ਮੈਂਬਰ ਡਾ ਨਿਰਮਲ ਜੌੜਾ ਨੇ ਆਪਣੀ ਕਲਾ ਤੇ ਵਿੱਦਿਆ ਨਾਲ ਦੁਨੀਆ ਭਰ ਵਿੱਚ ਪਿੰਡ ਦਾ ਨਾਮ ਰੌਸ਼ਨ ਕੀਤਾ। ਇਹ ਸਭ ਮਾਤਾ ਗੁਰਦੇਵ ਕੌਰ ਦੀਆਂ ਸਿੱਖਿਆਵਾਂ ਸਦਕਾ ਹੈ। ਲੋਕ ਸਭਾ ਮੈਂਬਰ ਤੇ ਪ੍ਰਸਿੱਧ ਗਾਇਕ ਮੁਹੰਮਦ ਸਦੀਕ ਨੇ ਸ਼ਰਧਾਂਜਲੀ ਭੇਂਟ ਕਰਦਿਆਂ ਇਸ ਮੌਕੇ ਪੁੱਜੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।

ਮੈਂਬਰ ਪਾਰਲੀਮੈਂਟ ਅਤੇ ਗਾਇਕ ਮੁਹੰਮਦ ਸਦੀਕ, ਐਮ ਐਲ ਏ ਮਨਜੀਤ ਸਿੰਘ ਬਿਲਾਸਪੁਰ, ਪੰਜਾਬ ਜੈਨਕੋ ਦੇ ਚੇਅਰਮੈਨ ਨਵਜੋਤ ਸਿੰਘ ਜਰਗ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਸਾਬਕਾ ਸਟੇਟ ਸੂਚਨਾ ਕਮਿਸ਼ਨਰ ਨਿਧੜਕ ਸਿੰਘ ਬਰਾੜ ਅਤੇ ਸੱਭਿਆਚਾਰਕ ਸੱਥ ਪੰਜਾਬ ਦੇ ਚੇਅਰਮੈਨ ਜਸਮੇਰ ਸਿੰਘ ਢੱਟ ਵੱਲੋਂ ਡਾ ਨਿਰਮਲ ਜੌੜਾ ਨੂੰ ਸਿਰਪਾਓ ਭੇਂਟ ਕੀਤਾ ਗਿਆ।

# ਬਿਜਲੀ ਵਿਭਾਗ ਵਿਚ 2424 ਨਵੀਂ ਭਰਤੀ ਦੀ ਪ੍ਰਕਿਰਿਆ ਮੁਕੰਮਲ, ਨਿਯੁਕਤੀ ਪੱਤਰ ਜਲਦੀ ਜਾਰੀ ਹੋਣਗੇ : ਹਰਭਜਨ ਸਿੰਘ ਈ. ਟੀ. ਓ.

## ਬੀਤੇ ਇੱਕ ਸਾਲ ਦੌਰਾਨ ਬਿਜਲੀ ਵਿਭਾਗ ਵਿਚ 1397 ਨੌਜਵਾਨਾਂ ਨੂੰ ਦਿੱਤੀਆਂ ਸਰਕਾਰੀ ਨੌਕਰੀਆਂ

ਚੰਡੀਗੜ੍ਹ, 26 ਮਾਰਚ (ਗਿਆਨ ਸਿੰਘ): ਰਾਜ ਸਰਕਾਰ ਰਾਜ ਦੇ ਨੌਜਵਾਨਾਂ ਨੂੰ ਲਗਾਤਾਰ ਰੋਜ਼ਗਾਰ ਉਪਲੱਬਧ ਕਰਵਾ ਰਹੀ ਹੈ ਅਤੇ ਬਿਜਲੀ ਵਿਭਾਗ ਵਲੋਂ ਛੇਤੀ ਹੀ 2424 ਖਾਲ੍ਹੀ ਆਸਾਮੀਆਂ ’ਤੇ ਯੋਗ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਜਾਣਗੇ।



ਇਹ ਜਾਣਕਾਰੀ ਦਿੰਦੇ ਹੋਏ ਪੰਜਾਬ ਦੇ ਊਰਜਾ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਦੱਸਿਆ ਕਿ ਪੀ. ਐੱਸ. ਪੀ. ਸੀ. ਐੱਲ. ਵਿਚ ਗਰੁੱਪ ਏ, ਬੀ ਅਤੇ ਸੀ ਦੇ ਵੱਖ-ਵੱਖ 2424 ਅਹੁਦਿਆਂ ਲਈ ਭਰਤੀ ਪ੍ਰਕਿਰਿਆ ਮੁਕੰਮਲ ਕਰ ਲਈ ਗਈ ਹੈ ਅਤੇ ਆਉਣ ਵਾਲੇ ਭਵਿੱਖ ਵਿਚ ਯੋਗ ਉਮੀਦਵਾਰਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਜਾਣਗੀਆਂ। ਉਨ੍ਹਾਂ ਨੇ ਕਿਹਾ ਕਿ ਬੀਤੇ ਇੱਕ ਸਾਲ ਦੌਰਾਨ ਬਿਜਲੀ ਵਿਭਾਗ ਵਿਚ 1397 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਉਪਲੱਬਧ ਕਰਵਾਈਆਂ ਜਾ ਚੁੱਕੀਆਂ ਹਨ।

ਕੈਬਨਿਟ ਮੰਤਰੀ ਨੇ ਨਵੇਂ 2424 ਅਹੁਦਿਆਂ ਸੰਬੰਧੀ ਬਿਓਰਾ ਦਿੰਦੇ ਹੋਏ ਦੱਸਿਆ ਕਿ ਇਨ੍ਹਾਂ ਵਿਚ 2 ਅਸਿਸਟੈਂਟ ਮੈਨੇਜਰ (ਆਈ. ਟੀ., ਗਰੁੱਪ ਏ), 36 ਜੂਨੀਅਰ ਇੰਜੀਨੀਅਰ (ਗਰੁੱਪ ਬੀ) ਅਤੇ 2386 ਅਸਿਸਟੈਂਟ ਲਾਈਨਮੈਨ, ਐੱਲ. ਡੀ. ਸੀ., ਕਲਰਕ (ਗਰੁੱਪ ਬੀ) ਆਦਿ ਸ਼ਾਮਿਲ ਹਨ, ਜਿਨ੍ਹਾਂ ਨੂੰ ਛੇਤੀ ਹੀ ਨਿਯੁਕਤੀ ਪੱਤਰ ਜਾਰੀ ਕੀਤੇ ਜਾਣਗੇ।

ਈ. ਟੀ. ਓ. ਨੇ ਅੱਗੇ ਦੱਸਿਆ ਕਿ ਬੀਤੇ ਇੱਕ ਸਾਲ ਦੌਰਾਨ ਰਾਜ ਦੇ ਲਗਭਗ 27 ਹਜ਼ਾਰ ਯੋਗ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਉਪਲੱਬਧ ਕਰਵਾਈਆਂ ਜਾ ਚੁੱਕੀਆਂ ਹਨ। ਉਨ੍ਹਾਂ ਨੇ ਕਿਹਾ ਕਿ ਇਹ ਨੌਕਰੀਆਂ ਯੋਗਤਾ ਅਤੇ ਸਿਰਫ਼ ਮੈਰਿਟ ਦੇ ਆਧਾਰ ’ਤੇ ਉਪਲੱਬਧ ਕਰਵਾਈਆਂ ਗਈਆਂ ਹਨ।




## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।










## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.







## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661




## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐੱਮ.ਟੈੱਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5’3” tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

# ਕਿਸਾਨਾਂ ਲਈ ਵੱਡੀ ਰਾਹਤ: ਮੁੱਖ ਮੰਤਰੀ ਵਲੋਂ ਫ਼ਸਲ ਦੇ ਖ਼ਰਾਬੇ ਲਈ ਮੁਆਵਜ਼ੇ ਵਿਚ 25 ਫੀਸਦੀ ਵਾਧੇ ਦਾ ਐਲਾਨ

***ਨੁਕਸਾਨ ਦੀ ਜ਼ਮੀਨੀ ਰਿਪੋਰਟ ਲੈਣ ਲਈ ਮੋਗਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਅਤੇ ਪਟਿਆਲਾ ਦਾ ਤੂਫ਼ਾਨੀ ਦੌਰਾ *ਮਜ਼ਦੂਰਾਂ ਨੂੰ 10 ਫੀਸਦੀ ਮੁਆਵਜ਼ਾ ਦਿੱਤੇ ਜਾਣ ਦੀ ਗੱਲ ਦੁਹਰਾਈ *ਘਰਾਂ ਦੇ ਹੋਏ ਮੁਕੰਮਲ ਨੁਕਸਾਨ ਲਈ 95100 ਅਤੇ ਥੋੜ੍ਹੇ ਨੁਕਸਾਨ ਲਈ 5200 ਰੁਪਏ ਮੁਆਵਜ਼ਾ ਦਿੱਤਾ ਜਾਵੇਗਾ *ਕਿਸਾਨਾਂ ਲਈ ਜਲਦੀ ਹੀ ਫਸਲ ਬੀਮਾ ਨੀਤੀ ਲਿਆਵੇਗੀ ਸੂਬਾ ਸਰਕਾਰ**

ਚੰਡੀਗੜ੍ਹ, 26 ਮਾਰਚ (ਪੋਸਟ ਬਿਊਰੋ): ਸੂਬੇ ਦੇ ਕਿਸਾਨਾਂ ਨੂੰ ਵੱਡੀ ਰਾਹਤ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਫਸਲਾਂ ਦੇ ਖ਼ਰਾਬੇ ਦੇ ਮੁਆਵਜ਼ੇ ਵਿਚ 25 ਫੀਸਦੀ ਵਾਧੇ ਦਾ ਐਲਾਨ ਕੀਤਾ ਹੈ।

ਮੋਗਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਅਤੇ ਪਟਿਆਲਾ ਦੇ ਪਿੰਡਾਂ ਦਾ ਤੂਫ਼ਾਨੀ ਦੌਰਾ ਕਰਨ ਵਾਲੇ ਮੁੱਖ ਮੰਤਰੀ ਨੇ ਕਿਹਾ ਕਿ ਮੁੱਖ ਜੇ ਫ਼ਸਲ ਦੀ ਨੁਕਸਾਨ 75 ਫੀਸਦੀ ਤੋਂ ਵੱਧ ਹੁੰਦਾ ਹੈ ਤਾਂ ਸੂਬਾ ਸਰਕਾਰ ਕਿਸਾਨਾਂ ਨੂੰ 15,000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦੇਵੇਗੀ। ਉਨ੍ਹਾਂ ਕਿਹਾ ਕਿ ਜੇਕਰ ਨੁਕਸਾਨ 33 ਤੋਂ 75 ਫੀਸਦੀ ਤੱਕ ਹੁੰਦਾ ਹੈ ਤਾਂ ਕਿਸਾਨਾਂ ਨੂੰ 6750 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਮਜ਼ਦੂਰਾਂ ਨੂੰ 10 ਫੀਸਦੀ ਮੁਆਵਜ਼ਾ ਦਿੱਤਾ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਕੋਈ ਵਿੱਤੀ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਪੂਰੇ ਮਕਾਨ ਦੇ ਨੁਕਸਾਨ ਦੇ ਮੁਆਵਜ਼ੇ ਵਜੋਂ 95100 ਰੁਪਏ ਦਿੱਤੇ ਜਾਣਗੇ, ਜਦੋਂ ਕਿ ਘਰਾਂ ਦੇ ਮਾਮੂਲੀ ਨੁਕਸਾਨ ਲਈ 5200 ਰੁਪਏ ਦਿੱਤੇ ਜਾਣਗੇ।

ਕੁਦਰਤ ਦੀ ਮਾਰ ਤੋਂ ਕਿਸਾਨਾਂ ਨੂੰ ਬਚਾਉਣ ਦੀ ਗੱਲ ਆਖਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਫ਼ਸਲ ਬੀਮਾ ਯੋਜਨਾ ਲਿਆਏਗੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵਲੋਂ ਐਲਾਨੀ ਫ਼ਸਲ ਬੀਮਾ ਯੋਜਨਾ ਸਿਰਫ਼ ਕਾਗਜ਼ਾਂ ਤੱਕ ਹੀ ਸੀਮਤ ਰਹਿ ਗਈ ਸੀ ਪਰ ਸੂਬਾ ਸਰਕਾਰ ਦੀ ਸਕੀਮ ਨਾਲ ਕਿਸਾਨਾਂ ਨੂੰ ਅਸਲ ਰਾਹਤ ਮਿਲੇਗੀ। ਉਨ੍ਹਾਂ ਅਫ਼ਸੋਸ ਪ੍ਰਗਟ ਕੀਤਾ ਕਿ ਅੱਜ-ਕੱਲ੍ਹ 20 ਮਿੰਟ ਦੀ ਗੜ੍ਹੇਮਾਰੀ ਕਿਸਾਨਾਂ ਦੇ ਚਿਹਰਿਆਂ 'ਤੇ ਮੁਸੀਬਤ ਲਿਆ ਦਿੰਦੀ ਹੈ ਪਰ ਇਹ ਸਕੀਮ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰੇਗੀ। ਭਗਵੰਤ ਮਾਨ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਇਸ ਔਖੀ ਘੜੀ ਵਿਚ ਕਿਸਾਨਾਂ ਦੇ ਨਾਲ ਹੈ ਅਤੇ ਉਨ੍ਹਾਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਖ਼ਰਾਬ ਮੌਸਮ ਕਾਰਣ ਕਿਸਾਨਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦੇਣ ਦਾ ਅਹਿਦ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀ ਭਲਾਈ ਲਈ ਹਮੇਸ਼ਾ ਵਚਨਬੱਧ ਹੈ ਅਤੇ ਰਹੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਸਰਕਾਰ ਹਮੇਸ਼ਾ ਹੀ ਕਿਸਾਨਾਂ ਅਤੇ ਉਨ੍ਹਾਂ ਦੇ ਹੱਕਾਂ ਦੀ ਹਮਾਇਤੀ ਰਹੀ ਹੈ ਅਤੇ ਸਰਕਾਰ ਨੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਕਈ ਯੋਗ ਕਦਮ ਚੁੱਕੇ ਹਨ। ਭਗਵੰਤ ਮਾਨ ਨੇ ਕਿਹਾ ਕਿ ਉਹ ਉਨ੍ਹਾਂ ਵੱਡੀ ਗਿਣਤੀ ਕਿਸਾਨਾਂ ਦੀ ਪੀੜ ਅਤੇ ਦਰਦ ਨੂੰ ਚੰਗੀ ਤਰ੍ਹਾਂ ਸਮਝਦੇ ਹਨ, ਜਿਨ੍ਹਾਂ ਨੂੰ ਮੌਸਮ ਵਿਚ ਅਚਾਨਕ ਆਈ ਤਬਦੀਲੀ ਕਾਰਨ ਭਾਰੀ ਨੁਕਸਾਨ ਝੱਲਣਾ ਪਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਲਗਾਤਾਰ ਬਰਸਾਤ ਖੜ੍ਹੀ ਕਣਕ ਅਤੇ ਹਾੜ੍ਹੀ ਦੀਆਂ ਹੋਰ ਫਸਲਾਂ ਲਈ ਨੁਕਸਾਨਦਾਇਕ ਹੈ। ਉਨ੍ਹਾਂ ਕਿਹਾ ਕਿ ਬਦਕਿਸਮਤੀ ਨਾਲ ਤੇਜ਼ ਹਵਾਵਾਂ ਅਤੇ ਗੜ੍ਹੇਮਾਰੀ ਨਾਲ ਆਈ ਬਾਰਿਸ਼ ਨੇ ਫਸਲਾਂ ਨੂੰ ਕਾਫ਼ੀ ਨੁਕਸਾਨ ਪਹੁੰਚਾਇਆ ਹੈ ਅਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਦੀ ਰੋਜ਼ੀ-ਰੋਟੀ ਨੂੰ ਸੱਟ ਮਾਰੀ ਹੈ। ਭਗਵੰਤ ਮਾਨ ਨੇ ਕਿਹਾ ਕਿ ਸ਼ੁਰੂਆਤੀ ਰਿਪੋਰਟਾਂ ਤੋਂ ਪਤਾ ਚਲਦਾ ਹੈ ਕਿ ਕਈ ਏਕੜ ਤੋਂ ਵੱਧ ਵਾਹੀਯੋਗ ਰਕਬਾ ਪ੍ਰਭਾਵਿਤ ਹੋਇਆ ਹੈ ਕਿਉਂਕਿ ਇਸ ਪੜਾਅ 'ਤੇ ਹਾੜੀ ਦੀਆਂ ਫਸਲਾਂ ਵਾਢੀ ਲਈ ਲਗਪਗ ਤਿਆਰ ਸਨ।

ਮੁੱਖ ਮੰਤਰੀ ਨੇ ਅਫ਼ਸੋਸ ਜ਼ਾਹਰ ਕੀਤਾ ਕਿ ਅਜਿਹੇ ਮਾਮਲਿਆਂ ਵਿਚ ਜਿੱਥੇ ਕਿਸਾਨ ਵਾਢੀ ਨਹੀਂ ਕਰ ਸਕਣਗੇ ਜਾਂ ਉਨ੍ਹਾਂ ਦੀਆਂ ਫ਼ਸਲਾਂ ਦਾ ਝਾੜ ਘਟ ਗਿਆ ਹੈ, ਉਨ੍ਹਾਂ ਦਾ ਲਗਪਗ ਪੂਰਾ ਸੀਜ਼ਨ ਬਰਬਾਦ ਹੋ ਗਿਆ ਅਤੇ ਉਨ੍ਹਾਂ ਦੀ ਰੋਜ਼ੀ-ਰੋਟੀ ਨੂੰ ਭਾਰੀ ਨੁਕਸਾਨ ਪਹੁੰਚ ਸਕਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਪਹਿਲਾਂ ਹੀ ਵਿੱਤ ਕਮਿਸ਼ਨਰ (ਮਾਲ) ਨੂੰ ਹਦਾਇਤ ਕੀਤੀ ਹੈ ਕਿ ਉਹ ਸਬੰਧਤ ਡਿਪਟੀ ਕਮਿਸ਼ਨਰਾਂ ਨੂੰ ਬਾਰਿਸ਼ ਨਾਲ ਪ੍ਰਭਾਵਿਤ ਖੇਤਰਾਂ ਵਿੱਚ ਤੁਰੰਤ ਵਿਸ਼ੇਸ਼ ਗਿਰਦਾਵਰੀ ਕਰਨ ਲਈ ਵਿਸਤ੍ਰਿਤ ਹਦਾਇਤਾਂ ਜਾਰੀ ਕਰਨ ਤਾਂ ਜੋ ਫਸਲਾਂ, ਬਾਗ਼ਾਂ ਅਤੇ ਘਰਾਂ ਨੂੰ ਹੋਏ ਨੁਕਸਾਨ ਦਾ ਪਹਿਲ ਦੇ ਆਧਾਰ 'ਤੇ ਪਤਾ ਲਗਾਇਆ ਜਾ ਸਕੇ।



ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪਹਿਲੀ ਅਪਰੈਲ ਤੋਂ ਕਿਸਾਨਾਂ ਨੂੰ ਕਪਾਹ ਦੀ ਫ਼ਸਲ ਲਈ ਨਹਿਰੀ ਪਾਣੀ ਉਪਲਬਧ ਕਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬੇ ਦੀ ਕਪਾਹ ਪੱਟੀ ਵਿੱਚ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇਗੀ ਤਾਂ ਜੋ ਕਪਾਹ ਦੇ ਕਾਸ਼ਤਕਾਰਾਂ ਨੂੰ ਵੱਡੇ ਪੱਧਰ 'ਤੇ ਲਾਭ ਮਿਲ ਸਕੇ। ਭਗਵੰਤ ਮਾਨ ਨੇ ਕਿਹਾ ਕਿ ਬਿਜਾਈ ਦੇ ਸੀਜ਼ਨ ਦੌਰਾਨ ਨਰਮਾ ਕਾਸ਼ਤਕਾਰਾਂ ਨੂੰ ਪਾਣੀ ਮੁਹੱਈਆ ਕਰਵਾਉਣਾ ਸਮੇਂ ਦੀ ਲੋੜ ਹੈ।

ਖੇਤੀਬਾੜੀ ਨੂੰ ਲਾਹੇਵੰਦ ਧੰਦਾ ਬਣਾਉਣ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਸ ਸਬੰਧ ਵਿਚ ਕਈ ਫੈਸਲੇ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਕਣਕ/ਝੋਨੇ ਦੇ ਚੱਕਰ ਵਿੱਚੋਂ ਬਾਹਰ ਕੱਢਣ ਅਤੇ ਸੂਬੇ ਦੇ ਧਰਤੀ ਹੇਠਲੇ ਕੀਮਤੀ ਪਾਣੀ ਨੂੰ ਬਚਾਉਣ ਲਈ ਬਦਲਵੀਆਂ ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਦੀ ਪੇਸ਼ਕਸ਼ ਕੀਤੀ ਜਾ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਖੇਤੀ ਸਹਾਇਕ ਧੰਦਿਆਂ ਨੂੰ ਉਤਸ਼ਾਹਤ ਕਰਨ 'ਤੇ ਵੱਡਾ ਜ਼ੋਰ ਦਿੱਤਾ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਦੀ ਆਮਦਨ ਵਿਚ ਵਾਧਾ ਹੋ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਉਹ ਜਲਦੀ ਤੋਂ ਜਲਦੀ ਨੁਕਸਾਨ ਦੀ ਰਿਪੋਰਟ ਪੇਸ਼ ਕਰਨ ਤਾਂ ਜੋ ਪ੍ਰਭਾਵਿਤ ਲੋਕਾਂ ਨੂੰ ਸਰਕਾਰੀ ਨਿਯਮਾਂ ਅਨੁਸਾਰ ਢੁਕਵਾਂ ਮੁਆਵਜ਼ਾ ਦਿੱਤਾ ਜਾ ਸਕੇ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਕੁਦਰਤ ਦੇ ਕਹਿਰ ਤੋਂ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਵਿਚ ਹਾਲ ਹੀ ਵਿਚ ਪਏ ਮੀਂਹ ਕਾਰਨ ਕਿਸਾਨਾਂ ਦੇ ਨਾਲ-ਨਾਲ ਮਜ਼ਦੂਰਾਂ ਦੇ ਹੋਏ ਨੁਕਸਾਨ ਦੀ ਭਰਪਾਈ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਤੋਂ ਇਲਾਵਾ ਸੂਬਾ ਸਰਕਾਰ ਕਿਸਾਨ ਭਾਈਚਾਰੇ ਦੀ ਭਲਾਈ ਲਈ ਵੱਖ-ਵੱਖ ਉਪਰਾਲੇ ਕਰ ਰਹੀ ਹੈ ਕਿਉਂਕਿ ਸਾਨੂੰ ਭਲੀ-ਭਾਂਤ ਪਤਾ ਹੈ ਕਿ ਖੇਤੀ ਹੁਣ ਲਾਹੇਵੰਦ ਧੰਦਾ ਨਹੀਂ ਰਹੀ। ਉਨ੍ਹਾਂ ਸਪੱਸ਼ਟ ਕਿਹਾ ਕਿ ਜਦੋਂ ਵੀ ਕਿਸਾਨਾਂ ਨੂੰ ਕੋਈ ਮੁਸ਼ਕਿਲ ਜਾਂ ਮੁਸੀਬਤ ਦਾ ਸਾਹਮਣਾ ਕਰਨਾ ਪਿਆ ਤਾਂ ਸਰਕਾਰ ਨੇ ਉਨ੍ਹਾਂ ਦੇ ਬਚਾਅ ਲਈ ਅੱਗੇ ਆਉਣ ਲਈ ਬਹੁਤਾ ਸਮਾਂ ਨਹੀਂ ਲਗਾਇਆ, ਜੋਕਿ ਸਰਕਾਰ ਵਲੋਂ ਪਹਿਲੇ ਦਿਨ ਤੋਂ ਹੀ ਕੀਤੇ ਜਾ ਰਹੇ ਦਲੇਰਾਨਾ ਫੈਸਲਿਆਂ ਤੋਂ ਸਪੱਸ਼ਟ ਹੁੰਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਦੇਸ਼ ਨੂੰ ਅਨਾਜ ਉਤਪਾਦਨ ਵਿਚ ਆਤਮ ਨਿਰਭਰ ਬਣਾਉਣ ਵਾਲੇ ਅੰਨਦਾਤਾ ਦੀ ਭਲਾਈ ਲਈ ਸੂਬਾ ਸਰਕਾਰ ਦ੍ਰਿੜ੍ਹ ਸੰਕਲਪ ਹੈ।

# ਹੁਣ ਗੁਰਦੁਆਰਾ ਸ਼ਹੀਦਾਂ ਸਾਹਿਬ ਅੰਮ੍ਰਿਤਸਰ ਵਿਖੇ ਆਉਣ ਵਾਲੀ ਸੰਗਤ ਨੂੰ ਮਿਲੇਗੀ ਵੱਡੀ ਰਾਹਤ : ਨਿੱਜਰ

*** ਦੱਖਣੀ, ਪੂਰਬੀ ਅਤੇ ਕੇਂਦਰੀ ਹਲਕੇ ਵਿਚ ਵਿਕਾਸ ਕੰਮਾਂ ਦਾ ਕੀਤਾ ਉਦਘਾਟਨ *ਹੁਣ ਸੜ੍ਹਕਾਂ ਦੇ ਆਲ੍ਹੇ ਦੁਆਲੇ ਮਲਬਾ ਸੁੱਟਣ 'ਤੇ ਕੀਤੇ ਜਾਣਗੇ ਚਾਲਾਨ**

ਚੰਡੀਗੜ੍ਹ, 26 ਮਾਰਚ (ਪੋਸਟ ਬਿਊਰੋ): ਗੁਰਦੁਆਰਾ ਸ਼ਹੀਦਾਂ ਸਾਹਿਬ ਦੇ ਨਾਲ ਲਗਪਗ 60 ਕਰੋੜ ਰੁਪਏ ਦੀ ਲਾਗਤ ਨਾਲ ਸਕਾਈਵਾਕ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਦਿਆਂ ਸਥਾਨਕ ਸਰਕਾਰਾਂ ਮੰਤਰੀ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਸ਼ਹੀਦਾਂ ਸਾਹਿਬ ਦੇ ਦਰਸ਼ਨਾਂ ਲਈ ਆਉਣ ਵਾਲੀ ਸੰਗਤ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਰੋਜ਼ਾਨਾ 50 ਤੋਂ 60 ਹਜ਼ਾਰ ਦੇ ਕਰੀਬ ਸੰਗਤ ਗੁਰ-ਦੁਆਰਾ ਸ਼ਹੀਦਾਂ ਸਾਹਿਬ ਦੇ ਦਰਸ਼ਨਾਂ ਲਈ ਆਉਂਦੀਆਂ ਹਨ। ਸੰਗਤ ਨੂੰ ਗੁਰਦੁਆਰੇ ਜਾਣ ਲਈ ਸੜਕ ਪਾਰ ਕਰਨੀ ਪੈਂਦੀ ਹੈ, ਜਿਸ ਨਾਲ ਨਾ ਸਿਰਫ ਅਸੁਵਿਧਾ ਹੁੰਦੀ ਹੈ, ਇਸ ਨਾਲ ਆਵਾਜਾਈ ਜਾਮ ਵੀ ਹੁੰਦੀ ਹੈ।



ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਮਲਟੀਪਲ ਫੁੱਟ ਓਵਰ ਬ੍ਰਿਜ, ਸਕਾਈ ਵਾਕ ਪਲਾਜ਼ਾ ਗੁਰਦੁਆਰਾ ਸ਼ਹੀਦਾਂ ਸਾਹਿਬ ਦੇ ਸਾਹਮਣੇ ਪੈਦਲ ਯਾਤਰੀਆਂ ਲਈ ਢੁਕਵੀਂ ਕ੍ਰਾਸਿੰਗ ਸਹੂਲਤ ਦੇ ਤੌਰ 'ਤੇ ਪੈਦਲ ਚੱਲਣ ਅਤੇ ਪਿਕਅੱਪ ਪੁਆਇੰਟ ਸ਼ਾਮਿਲ ਹਨ। ਪਲਾਜ਼ਾ ਪੈਦਲ ਯਾਤਰੀਆਂ ਦੀ ਆਵਾਜਾਈ ਦੀ ਸੌਖ ਲਈ ਪੌੜੀਆਂ, ਐਸਕੇਲੇਟਰਾਂ, ਲਿਫਟਾਂ ਰਾਹੀਂ ਪ੍ਰਵੇਸ਼/ਨਿਕਾਸ ਪੁਆਇੰਟਾਂ ਦਾ ਸਮੂਹ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸ਼ਰਧਾਲੂਆਂ ਦੀ ਸੁਰੱਖਿਆ ਅਤੇ ਸਹੂਲਤ ਨੂੰ ਯਕੀਨੀ ਬਣਾਏਗਾ।

ਇਸ ਮੌਕੇ ਕਮਿਸ਼ਨਰ ਕਾਰਪੋਰੇਸ਼ਨ ਸੰਦੀਪ ਰਿਸ਼ੀ ਨੇ ਦੱਸਿਆ ਕਿ ਸਕਾਈਵਾਕ ਪ੍ਰਾਜੈਕਟ ਵਿਚ ਸ਼ਰਧਾਲੂਆਂ ਲਈ ਪਖਾਨੇ, ਸੈਰ ਸਪਾਟਾ ਸੂਚਨਾ ਕੇਂਦਰ ਅਤੇ ਪੁਲਸ ਚੌਕੀ ਵਰਗੀਆਂ ਸਹੂਲਤਾਂ ਦਾ ਪ੍ਰਬੰਧ ਸੰਗਤ ਲਈ ਸੁਰੱਖਿਆ ਅਤੇ ਸਹੂਲਤ ਨੂੰ ਯਕੀਨੀ ਬਣਾਏਗਾ। ਉਨ੍ਹਾਂ ਕਿਹਾ ਕਿ ਲੈਂਡਸਕੇਪਿੰਗ ਅਤੇ ਸੁੰਦਰੀਕਰਨ ਰਾਹੀਂ ਪਲਾਜ਼ਾ ਦਾ ਵਿਕਾਸ ਪਲਾਜ਼ਾ ਕੀਤਾ ਜਾਵੇਗਾ ਜੋ ਕਿ ਇਸਦੀ ਕੁਸ਼ਲ ਵਰਤੋਂ ਨੂੰ ਵਧਾਏਗਾ। ਉਨ੍ਹਾਂ ਦੱਸਿਆ ਕਿ ਇਸ ਸਕਾਈਵਾਕ ਦੀ ਲੰਬਾਈ ਰਾਮਸਰ ਗੁਰਦੁਆਰਾ ਤੋਂ ਚਾਟੀਵਿੰਡ ਚੌਕ ਤੱਕ 460 ਮੀਟਰ, ਚੌੜੀ 6 ਮੀਟਰ, ਸੜਕ ਤੋਂ 6 ਮੀਟਰ ਦੀ ਉਚਾਈ, ਸਕਾਈਵਾਕ ਪਲਾਜ਼ਾ ਵਿਚ 16 ਪੌੜੀਆਂ, 16 ਐਸਕੇਲੇਟਰ ਅਤੇ 7 ਲਿਫਟਾਂ ਹੋਣਗੀਆਂ। ਉਨ੍ਹਾਂ ਕਿਹਾ ਕਿ ਕੰਪਨੀ ਵਲੋਂ ਡੇਢ ਸਾਲ ਦੇ ਅੰਦਰ ਇਹ ਪ੍ਰਾਜੈਕਟ ਪੂਰਾ ਕੀਤਾ ਜਾਣਾ ਹੈ।

ਇਸ ਤੋਂ ਪਹਿਲਾਂ ਡਾ. ਨਿੱਜਰ ਨੇ ਯੂ.ਬੀ. ਡੀ. ਸੀ. ਪ੍ਰਾਜੈਕਟ ਅਧੀਨ ਤਾਰਾਂ ਵਾਲਾ ਪੁਲ ਦੇ ਨੇੜੇ ਬ੍ਰਿਟਿਸ਼ ਕਾਲ ਦੌਰਾਨ ਬਣੇ ਇੱਕ ਹਾਈਡਰੋ ਪਾਵਰ ਪਲਾਂਟ ਦੇ ਨਾਲ ਇੱਕ ਵਧੀਆ ਪਿਕਨਿਕ ਸਥਾਨ ਦਾ ਉਦਘਾਟਨ ਕੀਤਾ। ਇਸ ਨੂੰ ਪਿਕਨਿਕ, ਕਸਰਤ, ਬੱਚਿਆਂ ਲਈ ਝੂਲੇ, ਓਪਨ ਜਿਮ, ਰੰਗੀਨ ਰੋਸ਼ਨੀ ਅਤੇ ਸੁੰਦਰ ਬਾਗਬਾਨੀ ਨਾਲ ਸਜਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸਮਾਰਟ ਸਿਟੀ ਮਿਸ਼ਨ ਤਹਿਤ ਕਰੀਬ 5.5 ਕਰੋੜ ਰੁਪਏ ਦੀ ਲਾਗਤ ਨਾਲ ਕਰੀਬ 3.5 ਏਕੜ ਜ਼ਮੀਨ 'ਤੇ ਮਿੰਨੀ ਕੰਪਨੀ ਗਾਰਡਨ ਬਣਾਇਆ ਗਿਆ ਹੈ, ਜੋ ਕਿ ਲੋਕਾਂ ਲਈ ਖਿੱਚ ਦਾ ਕੇਂਦਰ ਬਣਿਆ ਹੈ।

ਇਸ ਉਪਰੰਤ ਡਾ. ਨਿੱਜਰ ਵਲੋਂ ਕੇਂਦਰੀ ਹਲਕੇ ਦੇ ਅਧੀਨ ਪੈਂਦੇ ਇਲਾਕੇ ਫਤਾਹਪੁਰ ਵਿਖੇ ਸਮਾਰਟ ਸਿਟੀ ਤਹਿਤ ਪੰਜ ਕਰੋੜ ਰੁਪਏ ਦੀ ਲਾਗਤ ਨਾਲ ਬਣੇ ਮਲਬਾ ਪ੍ਰੋਸੈਸਿੰਗ ਪਲਾਂਟ ਦਾ ਉਦਘਾਟਨ ਕਰਦਿਆਂ ਕਿਹਾ ਕਿ ਸ਼ਹਿਰ ਅੰਦਰ ਰਿਹਾਇਸ਼ੀ ਅਤੇ ਕਮਰਸ਼ੀਅਲ ਨਿਰਮਾਣ ਦੌਰਾਨ ਨਿਕਲਣ ਵਾਲਾ ਮਲਬਾ ਸੀ.ਐਂਡ.ਟੀ. ਪਲਾਂਟ ਤੱਕ ਪਹੁੰਚਾਉਣ ਤੇ ਕੋਈ ਚਾਰਜ ਨਹੀਂ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸੜ੍ਹਕਾਂ ਦੇ ਆਲ੍ਹੇ ਦੁਆਲੇ ਮਲਬਾ ਸੁੱਟਣ ਤੇ ਚਲਾਨ ਕੀਤੇ ਜਾਣਗੇ ਅਤੇ ਇਸ ਮਲਬੇ ਨੂੰ ਇਸਤੇਮਾਲ ਕਰਕੇ ਦੁਬਾਰਾ ਨਿਰਮਾਣ ਕਾਰਜਾਂ ਲਈ ਵਰਤਿਆ ਜਾ ਸਕੇਗਾ।

ਇਸ ਮੌਕੇ ਵਿਧਾਇਕਾ ਜੀਵਨ ਜੋਤ ਕੌਰ , ਵਿਧਾਇਕ ਡਾ. ਅਜੈ ਗੁਪਤਾ, ਐੱਸ.ਈ. ਸੰਦੀਪ ਸਿੰਘ, ਐੱਸ.ਡੀ.ਓ.ਅਨੁਦੀਪਕ ਸਿੰਘ, ਓ.ਐੱਸ.ਡੀ. ਮਨਪ੍ਰੀਤ ਸਿੰਘ, ਨਵਨੀਤ ਸ਼ਰਮਾ, ਤੋਂ ਇਲਾਵਾ ਵੱਡੀ ਗਿਣਤੀ ਵਿਚ ਲੋਕ ਹਾਜ਼ਰ ਸਨ।

# ਅਮਰੀਕਾ ਵਿਚ ਗੁਰਦੁਆਰੇ ਨੇੜੇ ਚੱਲੀਆਂ ਗੋਲੀਆਂ





ਅਮਰੀਕਾ, 27 ਮਾਰਚ (ਪੋਸਟ ਬਿਊਰੋ): ਅਮਰੀਕਾ ਦੇ ਬਰੈਡਸ਼ਾ ਦੇ ਇੱਕ ਗੁਰਦੁਆਰਾ ਲਾਗੇ ਨਗਰ ਕੀਰਤਨ ਦੌਰਾਨ ਗੋਲੀਬਾਰੀ ਵਿਚ ਦੋ ਲੋਕਾਂ ਦੇ ਜ਼ਖਮੀ ਹੋਣ ਦੀ ਖ਼ਬਰ ਹੈ, ਉਥੇ ਹੀ ਦੂਜੇ ਪਾਸੇ ਬਰੈਡਸ਼ਾ ਸਿੱਖ ਸੋਸਾਇਟੀ ਦਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਆਪਣੇ ਬਿਆਨ ਵਿਚ ਕਿਹਾ ਕਿ, ਇਲਾਕੇ ਦੀਆਂ ਹਜ਼ਾਰਾਂ ਸੰਗਤਾਂ ਨਗਰ ਕੀਰਤਨ ਕੱਢ ਰਹੀਆਂ ਸਨ।

ਉਨ੍ਹਾਂ ਕਿਹਾ ਕਿ, ਕੁੱਝ ਲੋਕਾਂ ਨੇ ਇਸੇ ਦੌਰਾਨ ਹੀ ਧਾਰਮਿਕ ਸਮਾਗਮ ਨੂੰ ਵਿਗਾੜਨ ਦੀ ਕੋਸ਼ਿਸ਼ ਕੀਤੀ। ਗੁਰਦੁਆਰੇ ਨੇੜੇ ਗੋਲੀਬਾਰੀ ਉਸ ਸਮੇਂ ਹੋਈ ਜਦੋਂ ਹਜ਼ਾਰਾਂ ਸੰਗਤਾਂ ਇਕੱਠੀਆਂ ਸਨ। ਬਰੈਡਸ਼ਾ ਸਿੱਖ ਸੋਸਾਇਟੀ ਨੇ ਆਪਣੇ ਬਿਆਨ ਵਿਚ ਇਹ ਵੀ ਕਿਹਾ ਕਿ, ਅਸੀਂ ਉਮੀਦ ਕਰਦੇ ਹਾਂ ਕਿ ਦੋਸ਼ੀਆਂ ਨੂੰ ਕਾਨੂੰਨ ਮੁਤਾਬਿਕ ਸਜ਼ਾ ਦਿੱਤੀ ਜਾਵੇਗੀ। ਸੋਸਾਇਟੀ ਨੇ ਕਿਹਾ ਕਿ, ਜਿੰਨਾ ਲੋਕਾਂ ਨੇ ਗੋਲੀਬਾਰੀ ਕੀਤੀ, ਉਹ ਸਿੱਖ ਧਰਮ ਦੇ ਵਿਰੁੱਧ ਸਨ।

# ਪੰਜਾਬ ਵਿਧਾਨ ਸਭਾ ਸਪੀਕਰ ਨੇ ਵਿਦਿਆਰਥੀਆਂ ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਸ਼ਮੂਲੀਅਤ ਲਈ ਪ੍ਰੇਰਿਆ

ਚੰਡੀਗੜ੍ਹ, 26 ਮਾਰਚ (ਗਿਆਨ ਸਿੰਘ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਨੌਜਵਾਨ ਵਰਗ ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਆਪਣੀ ਸ਼ਮੂਲੀਅਤ ਵਧਾਉਣ ਲਈ ਪ੍ਰੇਰਿਆ ਹੈ।

ਵਿਧਾਨ ਸਭਾ ਵੇਖਣ ਪੁੱਜੇ ਜ਼ਿਲ੍ਹਾ ਬਠਿੰਡਾ ਦੇ ਇੱਕ ਪ੍ਰਾਈਵੇਟ ਸਕੂਲ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਸ. ਸੰਧਵਾਂ ਨੇ ਕਿਹਾ ਕਿ ਸਿਆਸਤ ਵਿੱਚ ਆਏ ਨਿਘਾਰ ਨੂੰ ਠੱਲ੍ਹ ਪਾਉਣ ਲਈ ਨੌਜਵਾਨਾਂ ਦਾ ਸਿਆਸਤ ਵਿੱਚ ਆਉਣਾ ਜ਼ਰੂਰੀ ਹੈ ਤਾਂ ਹੀ ਦੇਸ਼ ਦੀ ਤਰੱਕੀ ਯਕੀਨੀ ਬਣਾਈ ਜਾ ਸਕਦੀ ਹੈ।



ਉਨ੍ਹਾਂ ਕਿਹਾ ਕਿ ਇਸ ਮਕਸਦ ਦੀ ਪੂਰਤੀ ਲਈ ਪਿਛਲੇ ਦਿਨੀਂ ਸੈਸ਼ਨ ਦੌਰਾਨ ਮੁੱਖ ਮੰਤਰੀ ਸ. ਭਗਵੰਤ ਮਾਨ ਵੀ ਮੈਂਬਰਾਂ ਨੂੰ ਆਪੋ-ਆਪਣੇ ਵਿਧਾਨ ਸਭਾ ਹਲਕਿਆਂ ਤੋਂ ਵਿਦਿਆਰਥੀਆਂ ਨੂੰ ਵਿਧਾਨ ਸਭਾ ਦਾ ਦੌਰਾ ਕਰਾਉਣ ਦੀ ਅਪੀਲ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜਦੋਂ ਸਦਨ ਦੀ ਕਾਰਵਾਈ ਵੇਖਣਗੇ ਤਾਂ ਉਨ੍ਹਾਂ ਵਿੱਚ ਵੀ ਸਿਆਸਤ ਪ੍ਰਤੀ ਰੁਚੀ ਪੈਦਾ ਹੋਵੇਗੀ।

ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਦੇ ਉਦੇਸ਼ ਨਾਲ ਕੀਤੇ ਗਏ ਇਸ ਦੌਰੇ ਦੌਰਾਨ ਵਿਦਿਆਰਥੀਆਂ ਵੱਲੋਂ ਵਿਧਾਨ ਸਭਾ ਦੀ ਕਾਰਵਾਈ, ਮਤਾ ਲਿਆਉਣ ਅਤੇ ਬਿਲ ਪਾਸ ਕਰਨ ਦੀ ਕਾਰਵਾਈ ਬਾਰੇ ਜਾਣਿਆ ਗਿਆ। ਵਿਦਿਆਰਥੀਆਂ ਨੂੰ ਇਸ ਗੱਲ ਤੋਂ ਵੀ ਜਾਣੂ ਕਰਵਾਇਆ ਗਿਆ ਕਿ ਕਿਵੇਂ ਇੱਕ ਬਿੱਲ ਪਾਸ ਹੋਣ ਤੋਂ ਪਹਿਲਾਂ ਉਸ ਉੱਪਰ ਵਿਚਾਰ ਚਰਚਾ ਕਰਕੇ ਇਹ ਫ਼ੈਸਲਾ ਲਿਆ ਜਾਂਦਾ ਹੈ ਕਿ ਇਹ ਬਿੱਲ ਪਾਸ ਹੋਣ ਦੇ ਯੋਗ ਹੈ ਜਾਂ ਨਹੀਂ।

ਵਿਦਿਆਰਥੀਆਂ ਨਾਲ ਉਨ੍ਹਾਂ ਦੇ ਕੋਆਰਡੀਨੇਟਰ ਮੈਡਮ ਹਰਵੀਰ ਕੌਰ, ਅਧਿਆਪਕ ਵਰੁਣ ਸ਼ੁਕਲਾ, ਮੈਡਮ ਨਵਪ੍ਰਿੰਸ ਕੌਰ, ਰਤਨਦੀਪ ਸਿੰਘ ਆਦਿ ਵੀ ਹਾਜ਼ਰ ਸਨ।

# ਨਿਡਰ ਅਤੇ ਅਜ਼ਾਦ ਪੱਤਰਕਾਰੀ ਉਤੇ ਵਧ ਰਹੇ ਹਮਲਿਆਂ ਪ੍ਰਤੀ ਪੰਜਾਬੀ ਲੇਖਕਾਂ ਵਲੋਂ ਚਿੰਤਾ

ਫਗਵਾੜਾ, 26 ਮਾਰਚ (ਗਿਆਨ ਸਿੰਘ): ਅੱਜ ਇਥੇ ਪੰਜਾਬੀ ਲੇਖਕਾਂ, ਕਾਲਮਨਵੀਸਾਂ, ਚਿੰਤਕਾਂ ਅਤੇ ਪੱਤਰਕਾਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਮੌਜੂਦਾ ਦੌਰ ਵਿੱਚ ਅਜ਼ਾਦ, ਨਿਡਰ ਅਤੇ ਨਿਰਪੱਖ ਪੱਤਰਕਾਰੀ ਉਪਰ ਵਧ ਰਹੇ ਖਤਰਿਆਂ ਅਤੇ ਹਮਲਿਆਂ ਉਤੇ ਚਿੰਤਾ ਪ੍ਰਗਟ ਕੀਤੀ ਗਈ।



ਮੀਟਿੰਗ ਵਿੱਚ ਵੱਖੋ-ਵੱਖਰੇ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਇਹ ਗੱਲ ਕਹੀ ਕਿ ਸੱਚੀ-ਸੁੱਚੀ ਪੱਤਰਕਾਰੀ ਕਰਨਾ ਅੱਜ ਕੱਲ ਸੱਪ ਦੀ ਖੁੱਡ ਵਿੱਚ ਹੱਥ ਪਾਉਣ ਦੇ ਬਰਾਬਰ ਹੈ। ਸੱਤਾਧਾਰੀ ਸ਼ਕਤੀਆਂ ਵਲੋਂ ਇੱਕ ਐਸਾ ਵਿਰਤਾਂਤ ਸਿਰਜਿਆ ਜਾ ਰਿਹਾ, ਜਿਸ ਤਹਿਤ ਗੋਦੀ ਮੀਡੀਆ ਨੂੰ ਪ੍ਰਫੁੱਲਤ ਕਰਨ ਅਤੇ ਦਲੇਰਾਨਾ ਰਿਪੋਰਟਿੰਗ ਕਰਨ ਵਾਲਿਆਂ ਨੂੰ ਨਿਰਉਤਸ਼ਾਹਤ ਕਰਨ ਦੀ ਇੱਕ ਗਿਣਤੀ ਮਿਥੀ ਮੁਹਿੰਮ ਚਲਾਈ ਜਾ ਰਹੀ ਹੈ।

ਇਸੇ ਹੀ ਮੁਹਿੰਮ ਤਹਿਤ ਬੇਖੌਫ ਅਤੇ ਅਜ਼ਾਦ ਪੱਤਰਕਾਰੀ ਦੇ ਝੰਡਾਬਰਦਾਰ ਅਖ਼ਬਾਰਾਂ ਨੂੰ ਜਾਣ ਬੁੱਝਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਇਹਨਾ ਵਿੱਚ ਖ਼ਾਸ ਤੌਰ 'ਤੇ ਅਜੀਤ ਅਤੇ ਪੰਜਾਬੀ ਟ੍ਰਿਬਿਊਨ ਸ਼ਾਮਲ ਹਨ।

ਸੱਚ ਪ੍ਰਸਤ ਅਖ਼ਬਾਰਾਂ ਨੂੰ ਨਿਸ਼ਾਨਾ ਬਨਾਉਣ ਦੀ ਨਿਖੇਧੀ ਕਰਦਿਆਂ ਮੀਟਿੰਗ ਨੇ ਇਹਨਾ ਅਖ਼ਬਾਰਾਂ ਦੇ ਸਰਕਾਰੀ ਇਸ਼ਤਿਹਾਰ ਬੰਦ ਕਰਨ ਅਤੇ ਇਹਨਾ ਨੂੰ ਝੁਕਾਉਣ ਲਈ ਹੋਰ ਹੱਥ ਕੰਡੇ ਵਰਤਣ ਦੀ ਨਿਖੇਧੀ ਕੀਤੀ।

ਮੀਟਿੰਗ ਵਿੱਚ ਬੁਲਾਰਿਆਂ ਨੇ ਕਿਹਾ ਕਿ ਕਰਤਾਰਪੁਰ ਵਿਖੇ ਸਥਿਤ ਸ਼ਹੀਦਾਂ ਦੀ ਅਜ਼ੀਮ ਯਾਦਗਾਰ ਜੰਗੇ-ਆਜ਼ਾਦੀ ਨੂੰ ਨਿਸ਼ਾਨਾ ਬਨਾਉਣਾ ਵੀ ਉਪਰੋਕਤ ਲੜੀ ਦਾ ਹਿੱਸਾ ਹੈ। ਇਸ ਮੀਟਿੰਗ ਵਿੱਚ ਪ੍ਰਸਿੱਧ ਲੇਖਕ ਪ੍ਰੋ: ਜਸਵੰਤ ਸਿੰਘ ਗੰਡਮ, ਪ੍ਰਸਿੱਧ ਲੇਖਕ ਐਸ.ਐਲ.ਵਿਰਦੀ, ਪ੍ਰਸਿੱਧ ਲੇਖਕ ਰਵਿੰਦਰ ਚੋਟ, ਗ਼ਜ਼ਲਗੋ ਬਲਦੇਵ ਰਾਜ ਕੋਮਲ, ਕਾਲਮਨਵੀਸ ਤੇ ਲੇਖਕ ਗੁਰਮੀਤ ਸਿੰਘ ਪਲਾਹੀ, ਪੱਤਰਕਾਰ ਪਰਵਿੰਦਰਜੀਤ ਸਿੰਘ ਸ਼ਾਮਲ ਸਨ।



URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**



ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**



ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਊਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**



2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**



ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Staging consultation
- Professional pictures & virtual tour
- Consistent marketing until your property is sold
- Billboard, flyer
- Social media & radio advertisement
- Online Promotion
- Open house till sold
- Competitive rates, exceptional service & award winning results

RE/MAX REALTY SPECIALISTS INC.

Ph:905-456-3232


JAG AUJLA 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT



Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment


Dr. Samreet Kaur Randhawa
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
*Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ*
*Show Your Smile More With Invisible Braces!*



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044








Grand Upholstery Ltd

Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017